


ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ

# ਸੇਵਾ ਸਰਗਰਮੀਆਂ

ਲੜੀ ਨੰਬਰ 6, ਅਗਸਤ 2018 (ਭਾਦੋਂ, ਸੰਮਤ ਨਾਨਕਸ਼ਾਹੀ 550) । ਮੁੱਖ ਸੰਪਾਦਕ : ਦਿਲਜੀਤ ਸਿੰਘ ਬੇਦੀ । ਪ੍ਰਕਾਸ਼ਕ : ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ । ਫੋਨ- 01832553956-60 । ਈਮੇਲ- sgpcsargarmiya@gmail.com


## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਤੇ ਸਮਾਜ ਭਲਾਈ ਲਈ ਕੀਤੇ ਜਾ ਰਹੇ ਹਨ ਅਹਿਮ ਉਪਰਾਲੇ

- ਧਰਮ ਪ੍ਰਚਾਰ ਲਹਿਰ ਤਹਿਤ ਜਨਵਰੀ ਤੋਂ ਜੂਨ 2018 ਤਕ 52 ਹਜ਼ਾਰ ਸੰਗਤਾਂ ਪ੍ਰਾਪਤ ਕਰ ਚੁੱਕੀਆਂ ਹਨ ਖੰਡੇ ਦੀ ਪਾਹੁਲ
- ਪੇਂਡੂ ਖੇਤਰਾਂ 'ਚ ਮੁਫ਼ਤ ਸਿਹਤ ਸੇਵਾਵਾਂ ਤਹਿਤ ਚਲਾਈਆਂ ਮੈਡੀਕਲ ਵੈਨਾਂ ਰਾਹੀਂ 67 ਹਲਕਿਆਂ ਦੇ 20 ਹਜ਼ਾਰ ਲੋੜਵੰਦ ਲੈ ਚੁੱਕੇ ਹਨ ਲਾਹਾ



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖ ਕੌਮ ਦੀ ਸਿਰਮੌਰ ਸੰਸਥਾ ਹੈ ਇਸ ਸੰਸਥਾ ਦਾ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਨੂੰ ਚਲਾਉਣ ਅਤੇ ਧਰਮ ਦੇ ਪ੍ਰਚਾਰ ਦੇ ਨਾਲ-ਨਾਲ ਮਨੁੱਖੀ ਕਲਿਆਣਕਾਰੀ ਖੇਤਰ ਵਿਚ ਵੀ ਅਹਿਮ ਰੁਤਬਾ ਹੈ। ਇਸ ਲਈ ਗੁਰਦੁਆਰਾ ਸਾਹਿਬਾਨ ਦੀ ਸੇਵਾ-ਸੰਭਾਲ ਦੇ ਸੰਗਤੀ ਪ੍ਰਬੰਧ ਦੇ ਮਨੋਰਥ ਨੂੰ ਲੈ ਕੇ ਵੀਹਵੀਂ ਸਦੀ ਦੇ ਦੂਜੇ ਦਹਾਕੇ ਵਿਚ ਸਿੱਖਾਂ ਦੇ ਲੰਬੇ ਸੰਘਰਸ਼ ਤੋਂ ਬਾਅਦ ਹੋਂਦ ਵਿਚ ਆਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੱਜ ਵਿਸ਼ਵ-ਵਿਆਪੀ ਸਿੱਖ ਕੌਮ ਦੀ ਪ੍ਰਤੀਨਿਧ ਜਥੇਬੰਦੀ ਦੇ ਰੂਪ 'ਚ ਸਥਾਪਤ ਹੋ ਚੁੱਕੀ ਹੈ। ਸਿੱਖ ਕੌਮ ਦੀ ਇਸ ਪ੍ਰਤੀਨਿਧ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕੁਝ ਮੂਲ ਉਦੇਸ਼ ਮਿੱਥੇ ਗਏ ਸਨ, ਜਿਨ੍ਹਾਂ ਵਿਚ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਸੁਚੱਜੇ ਪ੍ਰਬੰਧ ਦੇ ਨਾਲ-ਨਾਲ ਸਿੱਖ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਕਾਰਜ਼ ਕਰਨਾ ਮੁੱਖ ਸੀ। ਇਸ ਦੇ ਨਾਲ ਹੀ ਸਿੱਖ ਕੌਮ ਦੇ ਹੱਕਾਂ ਦੀ ਅਵਾਜ ਬੁਲੰਦ ਕਰਨ ਲਈ ਵੀ ਸ਼੍ਰੋਮਣੀ ਕਮੇਟੀ ਨੇ ਅਹਿਮ ਕਦਮ ਉਠਾਏ ਹਨ। ਸ਼੍ਰੋਮਣੀ ਕਮੇਟੀ ਕਿਸੇ ਵੀ ਬਿਪਤਾ ਵੇਲੇ ਨਾ ਕੇਵਲ ਦੁਨੀਆਂ ਭਰ ਦੇ ਸਿੱਖਾਂ ਦੀ ਹੀ ਬਾਂਹ ਫੜਦੀ ਹੈ, ਸਗੋਂ ਦੁਨੀਆਂ ਦੇ ਕਿਸੇ ਵੀ ਹਿੱਸੇ 'ਚ ਜੇਕਰ ਕੋਈ ਕੁਦਰਤੀ ਬਿਪਤਾ ਆ ਜਾਵੇ ਤਾਂ ਸ਼੍ਰੋਮਣੀ ਕਮੇਟੀ ਬਿਨਾਂ ਧਰਮ, ਜਾਤ, ਦੇਸ਼ ਜਾਂ ਰੰਗ ਦੇ ਵਿਤਕਰੇ ਤੋਂ ਮਨੁੱਖਤਾ ਦੀ ਭਲਾਈ ਲਈ ਕਾਰਜਸ਼ੀਲ ਹੋ ਜਾਂਦੀ ਹੈ। ਪਰ ਕੁਝ ਲੋਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤੇ ਕਾਰਜ਼ਾਂ ਨੂੰ ਅੱਖੋਂ ਪਰੋਖੇ ਕਰ ਕੇ ਸਿੱਖ ਕੌਮ ਦੀ ਇਸ ਮਹਾਨ ਸੰਸਥਾ ਦਾ ਕੇਵਲ ਵਿਰੋਧ ਕਰਨਾ ਹੀ ਆਪਣਾ ਫਰਜ਼ ਸਮਝਦੇ ਹਨ। ਅਜਿਹੇ ਲੋਕਾਂ ਦਾ ਵਿਰੋਧ ਕੇਵਲ ਸੁਰਖੀਆਂ ਵਿਚ ਰਹਿਣ ਲਈ ਹੀ ਹੁੰਦਾ ਹੈ। ਇਸ ਲਈ ਸ਼੍ਰੋਮਣੀ ਕਮੇਟੀ ਦੁਆਰਾ ਕੀਤੇ ਜਾ ਰਹੇ ਕਾਰਜ਼ਾਂ ਨੂੰ ਸੰਗਤਾਂ ਨਾਲ ਸਾਂਝਾ ਕਰਨ ਦਾ ਜਤਨ ਕਰ ਰਿਹਾ ਹਾਂ। ਭਾਈ ਗੋਬਿੰਦ ਸਿੰਘ ਲੌਂਗੋਵਾਲ ਤੋਂ ਪਹਿਲਾਂ ਇਸ ਸੰਸਥਾ ਦੀ ਅਗਵਾਈ ਕੌਮ ਦੀਆਂ ਬਹੁਤ ਮਾਨਮੱਤੀਆਂ ਸਖ਼ਸ਼ੀਅਤਾਂ ਨੇ ਸਮੇਂ-ਸਮੇਂ ਕੀਤੀ ਹੈ। ਇਕ ਸਦੀ ਦਾ ਸਮਾਂ ਪੂਰਾ ਕਰਨ ਵਾਲੀ ਇਸ ਸੰਸਥਾ ਦੀ ਸੇਵਾ ਸਭ ਤੋਂ ਵੱਧ ਸਮਾਂ ਪੰਥ ਰਤਨ ਮਾਸਟਰ ਤਾਰਾ ਸਿੰਘ, ਜਥੇਦਾਰ ਗੁਰਚਰਨ ਸਿੰਘ ਟੌਹੜਾ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸ਼੍ਰੋਮਣੀ ਸੇਵਾ ਰਤਨ ਪ੍ਰਾਪਤ ਕਰਨ ਵਾਲੇ ਜਥੇਦਾਰ ਅਵਤਾਰ ਸਿੰਘ ਨੇ ਕੀਤੀ ਹੈ। ਇਨ੍ਹਾਂ ਦੇ ਸਮੇਂ ਬਹੁਤ ਮਹੱਤਵਪੂਰਨ ਕਾਰਜ਼ ਹੋਏ ਹਨ।

ਹੁਣ ਭਾਈ ਲੌਂਗੋਵਾਲ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਨਣ ਉਪਰੰਤ ਧਰਮ ਪ੍ਰਚਾਰ ਦੇ ਕਾਰਜਾਂ ਨੂੰ ਤਰਜੀਹੀ ਤੌਰ 'ਤੇ ਕਰਨ ਦਾ ਫੈਸਲਾ ਲਿਆ ਗਿਆ। ਗੁਰੂ ਸਾਹਿਬ ਜੀ ਦੇ ਸਿਧਾਂਤਾਂ ਦੀ ਗੱਲ ਘਰ-ਘਰ ਤੱਕ ਪਹੁੰਚਾਉਣ ਲਈ ਧਰਮ ਪ੍ਰਚਾਰ ਲਹਿਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰ ਪ੍ਰੋਗਰਾਮ ਉਲੀਕੇ ਗਏ। ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਟੀਚਾ ਮਿਥਿਆ ਗਿਆ ਕਿ ਇਸ ਸਾਲ ਇਕ ਲੱਖ ਪ੍ਰਾਣੀਆਂ ਨੂੰ ਅੰਮ੍ਰਿਤਧਾਰੀ ਬਨਾਉਣਾ ਹੈ। ਇਸ ਪ੍ਰਤੀ ਹੁਣ ਤੱਕ ਕੀਤੇ ਕਾਰਜ਼ ਦੇ ਨਤੀਜੇ ਤਸੱਲੀਬਖ਼ਸ਼ ਸਾਹਮਣੇ ਆਏ ਹਨ।

ਪੰਜਾਬ ਵਿਚ ਨਸ਼ਿਆਂ ਦੀ ਵੱਡੀ ਹਨੇਰੀ ਝੁੱਲ ਰਹੀ ਹੈ, ਬਹੁਤੇ ਪਰਿਵਾਰ ਇਸ ਨਾਲ ਝੰਬੇ ਪਏ ਹਨ। ਅਜਿਹੇ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੌਜਵਾਨਾਂ ਨੂੰ ਆਪਣੇ ਵਿਰਸੇ ਨਾਲ ਜੋੜਨ ਲਈ ਹਰ ਜਤਨ ਕਰ ਰਹੀ ਹੈ। ਇਨ੍ਹਾਂ ਜਤਨਾਂ ਸਦਕਾ ਹੀ ਬਹੁਤ ਸਾਰੇ ਬੱਚੇ, ਨੌਜਵਾਨ ਅਤੇ ਬਜ਼ੁਰਗਾਂ ਨੇ ਅੰਮ੍ਰਿਤ ਛੱਕ ਕੇ ਜੀਵਨ ਸਫਲ ਕਰਨ ਦਾ ਮਾਰਗ ਚੁਣਿਆ ਹੈ। ਪੰਜਾਬ ਦੇ ਤਿੰਨ ਜੋਨ ਮਾਝਾ, ਮਾਲਵਾ ਤੇ ਦੁਆਬਾ ਦੇ ਨਾਲ ਪੰਜਾਬ ਤੋਂ ਬਾਹਰ ਸਿੱਖ ਮਿਸ਼ਨਾਂ ਰਾਹੀਂ ਅੰਮ੍ਰਿਤ ਸੰਚਾਰ ਤੇ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ਧਰਮ ਪ੍ਰਚਾਰ ਕਮੇਟੀ ਵੱਲੋਂ ਅਰੰਭੀ ਇਸ ਲਹਿਰ ਤਹਿਤ ਜਨਵਰੀ 2018 ਤੋਂ ਲੈ ਕੇ ਜੁਲਾਈ ਦੇ ਅੱਧ ਤੱਕ 52 ਹਜ਼ਾਰ ਦੇ ਕਰੀਬ ਸੰਗਤਾਂ ਨੇ ਅੰਮ੍ਰਿਤਪਾਨ ਕੀਤਾ ਹੈ। ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਹੋਏ ਵੱਖ-ਵੱਖ ਅੰਮ੍ਰਿਤ ਸੰਚਾਰ ਸਮਾਗਮਾਂ ਦੌਰਾਨ 9309 ਪ੍ਰਾਣੀ ਗੁਰੂ ਵਾਲੇ ਬਣੇ ਜਦ ਕਿ ਮਾਲਵਾ ਜੋਨ ਦੇ ਵੱਖ-ਵੱਖ ਪਿੰਡਾਂ, ਸ਼ਹਿਰਾਂ ਤੇ ਕਸਬਿਆਂ ਵਿਚ ਵੱਖ-ਵੱਖ 109 ਥਾਵਾਂ 'ਤੇ ਅੰਮ੍ਰਿਤ ਸੰਚਾਰ ਸਮਾਗਮ ਕੀਤੇ ਗਏ, ਜਿਨ੍ਹਾਂ ਵਿਚ 5079 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ। ਇਸ ਸਮੇਂ ਦੌਰਾਨ ਮਾਲਵਾ ਖੇਤਰ ਵਿਚ ਅੰਮ੍ਰਿਤ ਅਭਿਲਾਖੀਆਂ ਦੀ ਕੁਲ ਗਿਣਤੀ 14388 ਤੋਂ ਜਿਆਦਾ ਹੈ। ਇਸੇ ਤਰ੍ਹਾਂ ਮਾਝਾ ਜੋਨ ਵਿਚ ਅੰਮ੍ਰਿਤ ਛਕਣ ਵਾਲਿਆਂ ਦੀ ਕੁਲ ਗਿਣਤੀ 22441 ਹੈ ਜਿਸ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਹੋਏ ਵੱਖ-ਵੱਖ ਅੰਮ੍ਰਿਤ ਸੰਚਾਰ ਸਮਾਗਮਾਂ ਦੌਰਾਨ ਹੁਣ ਤੱਕ 13726 ਪ੍ਰਾਣੀ ਗੁਰੂ ਵਾਲੇ ਬਣੇ, ਜਦ ਕਿ ਇਸ ਇਲਾਕੇ ਵਿਚ 78 ਥਾਵਾਂ 'ਤੇ ਹੋਏ ਵੱਖ-ਵੱਖ ਅੰਮ੍ਰਿਤ ਸੰਚਾਰ ਸਮਾਗਮਾਂ ਵਿਚ 8715 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਦੁਆਬਾ ਜੋਨ ਵਿਚ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ 4 ਫਰਵਰੀ ਤੋਂ ਲੈ ਕੇ ਜੂਨ ਤੱਕ 9757 ਪ੍ਰਾਣੀ ਅੰਮ੍ਰਿਤਧਾਰੀ ਹੋਏ ਇਸ ਸਮੇਂ ਦੌਰਾਨ ਇਸ ਖੇਤਰ ਵਿਚ 64 ਵੱਖ-ਵੱਖ ਥਾਵਾਂ 'ਤੇ ਅੰਮ੍ਰਿਤ ਸੰਚਾਰ ਸਮਾਗਮਾਂ ਦੌਰਾਨ 3953 ਪ੍ਰਾਣੀਆਂ ਨੇ ਅੰਮ੍ਰਿਤ ਛਕਿਆ। ਇਸ ਤਰ੍ਹਾਂ ਦੁਆਬਾ ਖੇਤਰ ਵਿਚ ਅੰਮ੍ਰਿਤ ਛਕਣ ਵਾਲੇ ਕੁਲ ਪ੍ਰਾਣੀ 13710 ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਪੰਜਾਬ ਤੋਂ ਬਾਹਰਲੇ ਰਾਜਾਂ ਵਿਚ ਚੱਲਦੇ ਸਿੱਖ ਮਿਸ਼ਨਾਂ ਵੱਲੋਂ 2100 ਦੇ ਕਰੀਬ ਪ੍ਰਾਣੀਆਂ ਨੂੰ ਅੰਮ੍ਰਿਤਧਾਰੀ ਬਣਾਇਆ ਜਾ ਚੁੱਕਾ ਹੈ।

ਇਸ ਤੋਂ ਇਲਾਵਾ ਜੂਨ ਮਹੀਨੇ ਵਿਚ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਪਿੰਡਾਂ, ਸ਼ਹਿਰਾਂ ਤੇ ਕਸਬਿਆਂ ਦੇ ਗੁਰਦੁਆਰਾ ਸਾਹਿਬਾਨ ਵਿਚ ਬੱਚਿਆਂ ਦੇ ਵੱਡੀ ਗਿਣਤੀ ਵਿਚ ਗੁਰਮਤਿ ਕੈਂਪ ਲਗਾਏ ਗਏ। ਮਾਝਾ ਜੋਨ ਵਿਚ 47 ਦੇ ਕਰੀਬ ਵੱਖ-ਵੱਖ ਥਾਂਵਾਂ 'ਤੇ ਸਮਰ ਕੈਂਪ ਲਗਾਏ ਗਏ ਜਿਸ ਵਿਚ ਨੇੜਲੇ ਪਿੰਡਾਂ ਦੇ ਬੱਚਿਆਂ ਨੇ ਵੀ ਪਹੁੰਚ ਕੀਤੀ। ਇਸੇ ਤਰ੍ਹਾਂ ਦੁਆਬਾ ਖੇਤਰ ਵਿਚ ਵੀ 27 ਦੇ ਕਰੀਬ ਗੁਰਮਤਿ ਸਮਰ ਕੈਂਪ ਲਗਾਏ ਗਏ। ਮਾਲਵਾ ਖੇਤਰ ਵਿਚ ਵੀ ਹਜ਼ਾਰਾਂ ਬੱਚਿਆਂ ਨੇ ਗੁਰਮਤਿ ਕੈਂਪਾਂ ਵਿਚ ਸ਼ਮੂਲੀਅਤ ਕਰਕੇ ਧਰਮ ਦੀ ਸਿੱਖਿਆ ਗ੍ਰਹਿਣ ਕੀਤੀ। ਇਨ੍ਹਾਂ ਕੈਂਪਾਂ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ, ਢਾਡੀ ਤੇ ਕਵੀਸ਼ਰਾਂ ਵੱਲੋਂ ਬੱਚਿਆਂ ਨੂੰ ਸਿੱਖ ਇਤਿਹਾਸ ਅਤੇ ਵਿਰਸੇ ਨਾਲ ਜੋੜਿਆ ਗਿਆ। ਸ਼੍ਰੋਮਣੀ ਕਮੇਟੀ ਵੱਲੋਂ ਜਨਵਰੀ 2018 ਤੋਂ ਲੈ ਕੇ ਜੂਨ ਤੱਕ 5 ਹਜ਼ਾਰ ਤੋਂ ਵੱਧ ਪਿੰਡਾਂ ਤੱਕ ਪਹੁੰਚ ਕੀਤੀ ਜਾ ਚੁੱਕੀ ਹੈ।

ਸਰਹੱਦੀ ਖੇਤਰ ਵਿਚ ਬਹੁਤ ਸਾਰੇ ਅਜਿਹੇ ਪਿੰਡ ਹਨ ਜਿਨ੍ਹਾਂ ਤੱਕ ਮੁੱਢਲੀਆਂ ਸਹੂਲਤਾਂ ਵੀ ਨਹੀਂ ਪਹੁੰਚਦੀਆਂ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਇਸ ਮੁਸ਼ਕਲ ਨੂੰ ਸਮਝਦਿਆਂ ਸਰਹੱਦੀ ਖੇਤਰ ਵਿਚ ਗਰੀਬ ਅਤੇ ਲੋੜਵੰਦ ਪਰਿਵਾਰਾਂ ਨੂੰ ਮੁੱਢਲੀਆਂ ਮੈਡੀਕਲ ਸਹੂਲਤਾਂ ਦੇਣ ਲਈ ਵੱਖ-ਵੱਖ ਖੇਤਰਾਂ ਵਿਚ ਮੈਡੀਕਲ ਟੀਮਾਂ ਭੇਜਣ ਦਾ ਫੈਸਲਾ ਕੀਤਾ। ਇਹ ਮੈਡੀਕਲ ਟੀਮਾਂ ਵਿਚ ਡਾਕਟਰ ਅਤੇ ਹੋਰ ਮੈਡੀਕਲ ਸਟਾਫ ਦੇ ਨਾਲ ਲੋਕਾਂ ਦੇ ਮੁੱਢਲੇ ਟੈਸਟ ਕਰਨ ਅਤੇ ਮੁਫਤ ਦਵਾਈਆਂ ਦੇਣ ਦਾ ਵੀ ਪ੍ਰਬੰਧ ਕੀਤਾ ਹੈ। ਸ਼੍ਰੋਮਣੀ ਕਮੇਟੀ ਵੱਲੋਂ ਹੁਣ ਤੱਕ 67 ਹਲਕਿਆਂ ਦੇ 200 ਦੇ ਕਰੀਬ ਪਿੰਡਾਂ ਤੱਕ ਪਹੁੰਚ ਕੀਤੀ ਜਾ ਚੁੱਕੀ ਹੈ। ਹੁਣ ਤੱਕ 20 ਹਜਾਰ ਤੋਂ ਵੱਧ ਲੋਕ ਇਸ ਤੋਂ ਲਾਭ ਉਠਾ ਚੁੱਕੇ ਹਨ। ਸ਼੍ਰੋਮਣੀ ਕਮੇਟੀ ਦੇ ਇਸ ਕਾਰਜ਼ ਦੀ ਚਾਰੇ ਪਾਸੇ ਪ੍ਰਸ਼ੰਸਾ ਹੋ ਰਹੀ ਹੈ। ਇਸ ਦੇ ਨਾਲ ਹੀ ਇਤਿਹਾਸਕ ਗੁਰਦੁਆਰਾ ਸਾਹਿਬਾਨ ਵਿਚ ਵੀ ਸ਼੍ਰੋਮਣੀ ਕਮੇਟੀ ਵੱਲੋਂ ਫ੍ਰੀ ਡਿਸਪੈਂਸਰੀਆਂ ਚਲ ਰਹੀਆਂ ਹਨ। ਸ਼੍ਰੋਮਣੀ ਕਮੇਟੀ ਵੱਲੋਂ ਸੰਗਤਾਂ ਦੀ ਸਹੂਲਤ ਲਈ ਜਿਥੇ ਪਹਿਲਾਂ ਫ੍ਰੀ ਬੱਸਾਂ ਚਲਾਈਆਂ ਜਾ ਰਹੀਆਂ ਸਨ ਉਥੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਕਮੇਟੀ ਦੇ ਆਦੇਸ਼ਾਂ ਤੇ 5 ਹੋਰ ਨਵੀਆਂ ਬੱਸਾਂ ਇਸ ਕਾਰਜ਼ ਲਈ ਖਰੀਦੀਆਂ ਗਈਆਂ ਹਨ। ਰੇਲਵੇ ਸ਼ਟੇਸ਼ਨ ਤੇ ਬਸ ਸਟੈਂਡ ਤੋਂ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਤੱਕ ਫ੍ਰੀ ਬੱਸ ਸੇਵਾ ਚਲਾਈ ਜਾ ਰਹੀ ਹੈ। ਇਸ ਦੇ ਨਾਲ ਹੀ ਏਅਰਪੋਰਟ ਤੋਂ ਵੀ ਸੰਗਤਾਂ ਨੂੰ ਫ੍ਰੀ ਲਿਆਉਣ ਅਤੇ ਛੱਡਣ ਲਈ ਬੱਸ ਦਾ ਪ੍ਰਬੰਧ ਕੀਤਾ ਗਿਆ ਹੈ। ਇਸੇ ਤਰ੍ਹਾਂ ਦੂਰ-ਦੁਰਾਡੇ ਤੋਂ ਆਈਆਂ ਸੰਗਤਾਂ ਨੂੰ ਮੁਫਤ ਨੇੜਲੇ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਂਦੇ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤੇ ਜਾ ਰਹੇ ਕਾਰਜ਼ਾਂ ਦੀ ਸੰਗਤਾਂ ਵੱਲੋਂ ਸ਼ਲਾਘਾ ਕੀਤੀ ਜਾ ਰਹੀ ਹੈ।

ਸ਼੍ਰੋਮਣੀ ਕਮੇਟੀ ਨੇ ਵੱਖ-ਵੱਖ ਸਮੇਂ ਆਈਆਂ ਕੁਦਰਤੀ ਆਫਤਾਂ ਸਮੇਂ ਮਨੁੱਖਤਾ ਦੀ ਸੇਵਾ ਕਰਕੇ ਸਿੱਖ ਕੌਮ ਦੀ ਪਹਿਚਾਣ ਦੁਨੀਆਂ ਵਿਚ ਬੁਲੰਦ ਕੀਤੀ ਹੈ। ਇਸੇ ਤਰ੍ਹਾਂ ਭਿਆਨਕ ਬਿਮਾਰੀ ਕੈਂਸਰ ਦੇ ਮਰੀਜਾਂ ਨੂੰ ਹੁਣ ਤਕ ਕਰੋੜਾਂ ਰੁਪਏ ਦੀ ਸਹਾਇਤਾ ਕੀਤੀ ਗਈ ਹੈ। ਇਸੇ ਤਰ੍ਹਾਂ ਧਰਮੀ ਫੌਜੀਆਂ, ਜੋਧਪੁਰ ਜੇਲ੍ਹ ਦੇ ਨਜ਼ਰਬੰਦਾਂ ਨੂੰ ਵੀ ਸਮੇਂ-ਸਮੇਂ ਸਹਾਇਤਾ ਕੀਤੀ ਗਈ ਹੈ। ਲੋੜਵੰਦ ਗਰੀਬ ਬੱਚਿਆਂ ਦੀਆਂ ਫੀਸਾਂ ਲਈ ਵੀ ਸਹਾਇਤਾ ਦਿੱਤੀ ਗਈ ਹੈ।

ਇਸੇ ਤਰ੍ਹਾਂ ਅਨੇਕਾਂ ਹੋਰ ਕਾਰਜ ਹਨ ਜੋ ਸ਼੍ਰੋਮਣੀ ਕਮੇਟੀ ਆਪਣੀ ਜੁੰਮੇਵਾਰੀ ਸਮਝ ਕੇ ਕਰਦੀ ਆ ਰਹੀ ਹੈ। ਪਰ ਕੁਝ ਲੋਕ ਕੇਵਲ ਸੁਰਖੀਆਂ ਲਈ ਹਰ ਕੰਮ ਵਿਚ ਕਮੀ ਹੀ ਭਾਲਦੇ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖਾਂ ਦੀ ਨੁਮਾਇੰਦਾ ਜਥੇਬੰਦੀ ਹੈ, ਕੁਝ ਕੁ ਸਿੱਖਾਂ ਦੁਆਰਾ ਹੀ ਇਸ ਨੂੰ ਨੀਵਾਂ ਦਿਖਾਉਣ ਦੀ ਕੋਸ਼ਿਸ ਕਦਾਚਿਤ ਵੀ ਉਚਿਤ ਨਹੀਂ। ਇਸ ਲਈ ਆਓ ਸਾਰੇ ਸ਼੍ਰੋਮਣੀ ਕਮੇਟੀ ਵੱਲੋਂ ਧਰਮ ਪ੍ਰਚਾਰ ਦੇ ਖੇਤਰ ਵਿਚ ਕੀਤੇ ਜਾ ਰਹੇ ਕਾਰਜ਼ਾਂ ਵਿਚ ਸਹਿਯੋਗੀ ਬਣੀਏ ਤਾਂ ਕਿ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਸਿਧਾਂਤਾਂ ਦੀ ਗਲ ਘਰ-ਘਰ ਪਹੁੰਚਾ ਸਕੀਏ!

**-ਦਿਲਜੀਤ ਸਿੰਘ 'ਬੇਦੀ'**



## ਕੇਂਦਰੀ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨਾਂ ਲਈ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਮੁਫਤ ਬੱਸ ਸੇਵਾ ਸ਼ੁਰੂ

ਅੰਮ੍ਰਿਤਸਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਦੇ ਦਰਸ਼ਨਾਂ ਲਈ ਮੁਫ਼ਤ ਬੱਸ ਸਹੂਲਤ ਮੁਹੱਈਆ ਕਰਵਾਉਣ ਦੇ ਉਪਰਾਲੇ ਤਹਿਤ ਅੱਜ ਚਾਰ ਬੱਸਾਂ ਨੂੰ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਖਾਲਸਾਈ ਜਾਹੋ ਜਲਾਲ ਨਾਲ ਰਵਾਨਾ ਕੀਤਾ। ਦੱਸਣਯੋਗ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਸੰਗਤ ਯਾਤਰਾ ਲਈ ਪੰਜ ਵਿਸ਼ੇਸ਼ ਬੱਸਾਂ ਤਿਆਰ ਕਰਵਾਈਆਂ ਗਈਆਂ ਹਨ ਜਿਨ੍ਹਾਂ ਵਿੱਚੋਂ ਇਕ ਬੱਸ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਸੰਗਤਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਲਿਆਉਣ ਲਈ ਪਹਿਲਾਂ ਕਾਰਜਸ਼ੀਲ ਕੀਤੀ ਜਾ ਚੁੱਕੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਅੱਜ ਤੋਰੀਆਂ ਗਈਆਂ ਚਾਰ ਬੱਸਾਂ ਵਿੱਚੋਂ ਦੋ ਬੱਸਾਂ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਬਠਿੰਡਾ ਜੋਨ ਲਈ ਭੇਜੀਆਂ ਗਈਆਂ, ਜਦੋਂਕਿ ਦੋ ਬੱਸਾਂ ਤਖਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਜੋਨ ਤੋਂ ਸੰਗਤਾਂ ਨੂੰ ਸੇਵਾਵਾਂ ਦੇਣਗੀਆਂ। ਅੱਜ ਸਥਾਨਕ ਭਾਈ ਗੁਰਦਾਸ ਹਾਲ ਤੋਂ ਬੱਸਾਂ ਦੀ ਰਵਾਨਗੀ ਕਰਨ ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਤੋਂ ਇਲਾਵਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਐਡੀਸ਼ਨਲ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਅਤੇ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਵੀ ਮੌਜੂਦ ਸਨ। ਬੱਸਾਂ ਦੀ ਰਵਾਨਗੀ ਤੋਂ ਪਹਿਲਾਂ ਅਨੰਦ ਸਾਹਿਬ ਦੇ ਪਾਠ ਉਪਰੰਤ ਭਾਈ ਸੁਲਤਾਨ ਸਿੰਘ ਨੇ ਅਰਦਾਸ ਕੀਤੀ।

ਇਸ ਮੌਕੇ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸੰਗਤਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨ ਕਰਵਾਉਣ ਲਈ ਮੁਫ਼ਤ ਬੱਸਾਂ ਦੀ ਸੁਵਿਧਾ ਦਾ ਸ਼੍ਰੋਮਣੀ ਕਮੇਟੀ ਵੱਲੋਂ

ਬਾਕੀ ਸਫ਼ਾ 2 'ਤੇ



# ਸ਼੍ਰੋਮਣੀ ਕਮੇਟੀ ਨਸ਼ਿਆਂ ਖਿਲਾਫ਼ ਜ਼ੋਰਦਾਰ ਮੁਹਿਮ ਚਲਾਏਗੀ-ਭਾਈ ਲੌਂਗੋਵਾਲ

## ਸ਼੍ਰੋਮਣੀ ਕਮੇਟੀ ਵੱਲੋਂ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ 'ਚ ਲਏ ਅਹਿਮ ਫੈਸਲੇ



ਚੰਡੀਗੜ੍ਹ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੀ ਸ਼੍ਰੋਮਣੀ ਕਮੇਟੀ ਦੇ ਉਪ ਦਫ਼ਤਰ ਵਿਖੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਹੋਈ ਇਕੱਤਰਤਾ ਦੌਰਾਨ ਸਮਾਜ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵ ਤੋਂ ਬਚਾਉਣ ਲਈ ਇਕ ਜ਼ੋਰਦਾਰ ਮੁਹਿੰਮ ਚਲਾਉਣ ਦਾ ਫੈਸਲਾ ਕੀਤਾ ਗਿਆ। ਇਕੱਤਰਤਾ ਤੋਂ ਬਾਅਦ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਪੰਜਾਬ ਅੰਦਰ ਨਸ਼ਿਆਂ ਕਾਰਨ ਹੋ ਰਹੀਆਂ ਮੌਤਾਂ ਡੂੰਘੀ ਚਿੰਤਾ ਦਾ ਵਿਸ਼ਾ ਹਨ ਅਤੇ ਸ਼੍ਰੋਮਣੀ ਕਮੇਟੀ ਨਸ਼ਿਆਂ ਖਿਲਾਫ਼ ਇਕ ਜ਼ੋਰਦਾਰ ਮੁਹਿੰਮ ਚਲਾਵੇਗੀ। ਉਨ੍ਹਾਂ ਕਿਹਾ ਕਿ ਧਰਮ ਪ੍ਰਚਾਰ ਖੇਤਰ 'ਚ ਸਰਗਰਮ ਸ਼੍ਰੋਮਣੀ ਕਮੇਟੀ ਦੀ ਪ੍ਰਚਾਰਕ ਸ਼੍ਰੇਣੀ ਸਮਾਜ ਨੂੰ ਨਸ਼ਿਆਂ ਖਿਲਾਫ਼ ਜਾਗਰੂਕ ਕਰੇਗੀ ਅਤੇ ਵੱਡੀ ਗਿਣਤੀ ਵਿਚ ਟ੍ਰੈਕਟ ਛਪਵਾ ਕੇ ਵੰਡੇ ਜਾਣਗੇ। ਇਸ ਤੋਂ ਇਲਾਵਾ ਨਸ਼ਿਆਂ ਸਬੰਧੀ ਜਾਗਰੂਕਤਾ ਮਾਰਚ ਕੱਢਣ, ਸੈਮੀਨਾਰ ਕਰਵਾਉਣ ਅਤੇ ਨਾਟਕ ਤਿਆਰ ਕਰਵਾ ਕੇ ਪਿੰਡਾਂ, ਸ਼ਹਿਰਾਂ, ਕਸਬਿਆਂ 'ਚ ਦਿਖਾਉਣ ਦਾ ਵੀ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਨਸ਼ਿਆਂ ਦੇ ਆਦੀ ਹੋ ਚੁੱਕੇ ਜਿਹੜੇ ਲੋਕ ਨਸ਼ੇ ਛੱਡਣੇ ਚਾਹੁਣਗੇ ਉਨ੍ਹਾਂ ਦਾ ਇਲਾਜ ਸ੍ਰੀ ਗੁਰੂ ਰਾਮਦਾਸ ਹਸਪਤਾਲ ਸ੍ਰੀ ਅੰਮ੍ਰਿਤਸਰ ਵਿਖੇ ਬਿਲਕੁਲ ਮੁਫ਼ਤ ਕੀਤਾ ਜਾਵੇਗਾ ਅਤੇ ਇਸ 'ਤੇ ਹੋਣ ਵਾਲਾ ਸਾਰਾ ਖ਼ਰਚ ਧਰਮ ਪ੍ਰਚਾਰ ਕਮੇਟੀ ਸਹਿਣ ਕਰੇਗੀ। ਉਨ੍ਹਾਂ ਕਿਹਾ ਕਿ ਚੰਡੀਗੜ੍ਹ ਪ੍ਰਸ਼ਾਸਨ ਵੱਲੋਂ ਸਿੱਖ ਬੀਬੀਆਂ ਨੂੰ ਹੈਲਮੈਂਟ ਸਬੰਧੀ ਫੈਸਲੇ 'ਤੇ ਸ਼੍ਰੋਮਣੀ ਕਮੇਟੀ ਰੀਵਿਊ ਕਰਨ ਦੀ ਮੰਗ ਕਰਦੀ ਹੈ ਕਿਉਂਕਿ ਸਿੱਖ ਮਰਯਾਦਾ ਅਨੁਸਾਰ ਟੋਪ ਪਹਿਨਣਾ ਸਿੱਖ ਦੀ ਰਹਿਣੀ ਦਾ ਹਿੱਸਾ ਨਹੀਂ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ 'ਚ ਸ਼੍ਰੋਮਣੀ ਕਮੇਟੀ ਪੂਰੀ ਕਾਨੂੰਨੀ ਲੜਾਈ ਲੜੇਗੀ।

ਇਕੱਤਰਤਾ ਦੌਰਾਨ ਲਏ ਗਏ ਹੋਰ ਫੈਸਲਿਆਂ ਸਬੰਧੀ ਭਾਈ ਲੌਂਗੋਵਾਲ ਨੇ ਦੱਸਿਆ ਕਿ ਗੁਰੂ ਸਾਹਿਬਾਨ ਵੱਲੋਂ ਦਰਸਾਏ ਸਰਬ ਸਾਂਝੀਵਾਲਤਾ, ਪਰਉਪਕਾਰ ਤੇ ਸਰਬੱਤ ਦੇ ਭਲੇ ਦੇ ਸਿਧਾਂਤ ਅਨੁਸਾਰ ਸ੍ਰੀ ਅਨੰਦਪੁਰ ਸਾਹਿਬ ਵਿਖੇ ਜੰਗ ਦੌਰਾਨ ਬਿਨਾ ਭੇਦ-ਭਾਵ ਦੇ ਜ਼ਖ਼ਮੀਆਂ ਨੂੰ ਪਾਣੀ ਤੇ ਮਲ੍ਹਮ ਪੱਟੀ ਦੀ ਸੇਵਾ ਕਰਨ ਵਾਲੇ ਗੁਰੂ ਘਰ ਦੇ ਅਨਿਨ ਸਿੱਖ ਭਾਈ ਘਨ੍ਹੱਈਆ ਜੀ ਦੇ ਅਕਾਲ ਚਲਾਣੇ ਦੀ 300 ਸਾਲਾ ਸ਼ਤਾਬਦੀ 20 ਸਤੰਬਰ 2018 ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਸ਼ਾਲ ਪੱਧਰ 'ਤੇ ਮਨਾਉਣ ਦਾ ਫੈਸਲਾ ਕੀਤਾ ਗਿਆ। ਇਸ ਸਬੰਧੀ ਜਿਥੇ ਗੁਰਮਤਿ ਸਮਾਗਮ ਕਰਵਾਏ ਜਾਣਗੇ, ਉਥੇ ਹੀ ਖ਼ੂਨਦਾਨ, ਨੇਤਰਦਾਨ ਅਤੇ ਮੁੱਢਲੀ ਸਹਾਇਤਾ ਕੈਂਪਾਂ ਦਾ ਪ੍ਰਬੰਧ ਕੀਤਾ ਜਾਵੇਗਾ। ਇਸ ਸਬੰਧ ਵਿਚ ਇਕ ਵਿਸ਼ੇਸ਼ ਸੋਵੀਨਰ ਵੀ ਤਿਆਰ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਹੀ ਬਾਬਾ ਬੀਰ ਸਿੰਘ ਨੌਰੰਗਾਬਾਦੀ ਦੇ 250 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ ਉਨ੍ਹਾਂ ਨਾਲ ਸਬੰਧਤ ਤਰਨ ਤਾਰਨ ਜ਼ਿਲ੍ਹੇ ਦੇ ਪਿੰਡ ਰੱਤੋਕੇ ਵਿਖੇ ਸਥਿਤ ਗੁਰਦੁਆਰਾ ਸਾਹਿਬ ਵਿਖੇ 18 ਜੁਲਾਈ ਨੂੰ ਵਿਸ਼ੇਸ਼ ਸਮਾਗਮ ਹੋਣਗੇ।

ਭਾਈ ਲੌਂਗੋਵਾਲ ਨੇ ਕਿਹਾ ਕਿ ਇਕੱਤਰਤਾ ਦੌਰਾਨ ਜੰਮੂ ਕਸ਼ਮੀਰ ਅੰਦਰ ਇਸਲਾਮਕ ਯੂਨੀਵਰਸਿਟੀ ਅਵਾਂਤੀਪੋਰਾ ਪੁਲਵਾਮਾ 'ਚ ਪੜ੍ਹਦੀ ਸਿੱਖ ਲੜਕੀ ਮਨਦੀਪ ਕੌਰ ਨੂੰ ਦੋ ਲੜਕਿਆਂ ਵੱਲੋਂ ਤੰਗ ਪ੍ਰੇਸ਼ਾਨ ਕਰਨ ਅਤੇ ਉਸ ਨੂੰ ਜਬਰੀ ਇਸਲਾਮ ਕਬੂਲ ਕਰਨ ਦਾ ਦਬਾਅ ਪਾਉਣ ਦੀ ਘਟਨਾ ਮੰਦਭਾਗੀ ਹੈ, ਜਿਸ ਦੀ ਸ਼੍ਰੋਮਣੀ ਕਮੇਟੀ ਪੁਰਜ਼ੋਰ ਨਿੰਦਾ ਕਰਦੀ ਹੈ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਅਧਿਕਾਰੀਆਂ ਤੇ ਪੁਲਿਸ ਪਾਸ ਸ਼ਿਕਾਇਤ ਤੋਂ ਬਾਅਦ ਵੀ ਕਾਰਵਾਈ ਨਾ ਹੋਣਾ ਉਸ ਤੋਂ ਮਾੜੀ ਗੱਲ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਨੂੰ ਲੈ ਕੇ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰੀ ਸ੍ਰੀ ਰਾਜਨਾਥ ਸਿੰਘ ਨੂੰ ਪੱਤਰ ਰਾਹੀਂ ਰੋਸ ਪ੍ਰਗਟ ਕੀਤਾ ਜਾਵੇਗਾ ਅਤੇ ਅਜਿਹੀਆਂ ਘਟਨਾਵਾਂ ਨੂੰ ਫੌਰੀ ਰੋਕਣ ਤੇ ਸਿੱਖਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਕਿਹਾ ਜਾਵੇਗਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਸਿੱਖ ਮਿਸ਼ਨਰੀ ਕਾਲਜਾਂ ਤੇ ਗੁਰਮਤਿ ਵਿਦਿਆਲਿਆਂ 'ਚ ਕੋਰਸ ਦੌਰਾਨ ਪਹਿਲੇ ਤਿੰਨ ਸਥਾਨਾਂ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਸ਼੍ਰੋਮਣੀ ਕਮੇਟੀ ਵਿਚ ਤੁਰੰਤ ਸੇਵਾ 'ਤੇ ਲਗਾਉਣ ਦਾ ਫੈਸਲਾ ਵੀ ਕੀਤਾ ਗਿਆ ਹੈ। ਉਨ੍ਹਾਂ ਇਕ ਹੋਰ ਅਹਿਮ ਫੈਸਲੇ ਸਬੰਧੀ ਦੱਸਿਆ ਕਿ ਪਟਿਆਲਾ ਦੇ ਬਹਾਦਰਗੜ੍ਹ ਵਿਖੇ ਜਥੇਦਾਰ ਗੁਰਚਰਨ ਸਿੰਘ ਟੌਹੜਾ ਗੁਰਮਤਿ ਇੰਸਟੀਚਿਊਟ ਵਿਖੇ ਬੈਚੂਲਰ ਆਫ ਗੁਰਦੁਆਰਾ ਮੈਨੇਜਮੈਂਟ ਸਬੰਧੀ 3 ਸਾਲ ਦਾ ਕੋਰਸ ਸ਼ੁਰੂ ਕੀਤਾ ਜਾਵੇਗਾ, ਤਾਂ ਜੋ ਗੁਰਦੁਆਰਾ ਪ੍ਰਬੰਧ ਵਿਚ ਆਉਣ ਵਾਲੇ ਵਿਅਕਤੀ ਸਿਖਿਅਤ ਹੋ ਕੇ ਆ ਸਕਣ। ਇਕੱਤਰਤਾ ਦੌਰਾਨ ਪੰਥਕ ਆਗੂ ਅਤੇ ਸ਼੍ਰੋਮਣੀ ਕਮੇਟੀ ਦੇ ਲੰਮਾ ਸਮਾਂ ਮੈਂਬਰ ਰਹੇ ਜਥੇਦਾਰ ਕੁਲਦੀਪ ਸਿੰਘ ਵਡਾਲਾ ਦੇ ਅਕਾਲ ਚਲਾਣੇ ਅਤੇ ਅਫਗਾਨਿਸਤਾਨ 'ਚ ਅੱਤਵਾਦੀ ਹਮਲੇ ਦੌਰਾਨ ਮਾਰੇ ਗਏ ਸਿੱਖਾਂ ਸਬੰਧੀ ਸ਼ੋਕ ਮਤੇ ਰਾਹੀਂ ਦੁੱਖ ਦਾ ਇਜ਼ਹਾਰ ਕੀਤਾ ਗਿਆ ਅਤੇ ਵਿਛੜੀਆਂ ਰੂਹਾਂ ਨੂੰ ਮੂਲਮੰਤਰ ਤੇ ਗੁਰਮੰਤਰ ਦੇ ਪਾਠ ਨਾਲ ਸ਼ਰਧਾਂਜਲੀ ਦਿੱਤੀ ਗਈ।

ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਜਥੇਦਾਰ ਅਵਤਾਰ ਸਿੰਘ ਵਣਵਾਲਾ, ਸ. ਰਾਮਪਾਲ ਸਿੰਘ ਬਹਿਣੀਵਾਲ, ਭਾਈ ਅਜਾਇਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂੰ, ਸ. ਮਨਜੀਤ ਸਿੰਘ ਬੱਪੀਆਣਾ, ਸ. ਪ੍ਰਿਤਪਾਲ ਸਿੰਘ ਲੁਧਿਆਣਾ, ਦਿੱਲੀ ਕਮੇਟੀ ਦੇ ਜਨਰਲ ਸਕੱਤਰ ਸ. ਮਨਜਿੰਦਰ ਸਿੰਘ ਸਿਰਸਾ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਐਡੀ: ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਬੁਲਾਰੇ ਸ. ਦਿਲਜੀਤ ਸਿੰਘ ਬੇਦੀ, ਸ. ਦਰਸ਼ਨ ਸਿੰਘ ਪੀ.ਏ., ਸ. ਲਖਬੀਰ ਸਿੰਘ ਮੀਤ ਸਕੱਤਰ ਚੰਡੀਗੜ੍ਹ ਉਪ-ਦਫ਼ਤਰ, ਸ. ਜਗੀਰ ਸਿੰਘ ਮੈਨੇਜਰ, ਸ. ਵਰਿੰਦਰ ਸਿੰਘ ਠਰੂ ਆਦਿ ਮੌਜੂਦ ਸਨ।

# ਭਾਈ ਬਲਵੰਤ ਸਿੰਘ ਰਾਜੋਆਣੇ ਦੀ ਸਜ਼ਾ ਸਬੰਧੀ ਭਾਈ ਲੌਂਗੋਵਾਲ ਦੀ ਅਗਵਾਈ 'ਚ ਵਫ਼ਦ ਵੱਲੋਂ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਰਾਜਨਾਥ ਸਿੰਘ ਨਾਲ ਮੁਲਾਕਾਤ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਸਿੱਖ ਮੈਂਬਰਾਂ ਦੇ ਉੱਚ ਪੱਧਰੀ ਵਫ਼ਦ ਨੇ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਰਾਜਨਾਥ ਸਿੰਘ ਨਾਲ ਉਚੇਚੀ ਮੁਲਾਕਾਤ ਕਰਕੇ ਪਟਿਆਲਾ ਦੀ ਜ਼ੇਲ੍ਹ 'ਚ ਸਜ਼ਾ ਕੱਟ ਰਹੇ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਦੀ ਸਜ਼ਾ ਮੁਆਫ਼ ਕਰਨ ਸਬੰਧੀ ਸ਼੍ਰੋਮਣੀ ਕਮੇਟੀ ਦੀ ਅਪੀਲ ਦਾ ਜਲਦ ਨਿਪਟਾਰਾ ਕਰਨ ਦੀ ਮੰਗ ਕੀਤੀ। ਸ੍ਰੀ ਰਾਜਨਾਥ ਸਿੰਘ ਨੂੰ ਮਿਲੇ ਵਫ਼ਦ ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦੇ ਸੀਨੀਅਰ ਆਗੂ ਅਤੇ ਰਾਜ ਸਭਾ ਮੈਂਬਰ ਸ. ਸੁਖਦੇਵ ਸਿੰਘ ਢੀਂਡਸਾ, ਸ੍ਰੀ ਅਨੰਦਪੁਰ ਸਾਹਿਬ ਤੋਂ ਸਾਂਸਦ ਮੈਂਬਰ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ, ਸਾਂਸਦ ਸ. ਬਲਵਿੰਦਰ ਸਿੰਘ ਭੂੰਦੜ, ਸਾਬਕਾ ਸਾਂਸਦ ਮੈਂਬਰ ਸ. ਤਰਲੋਚਨ ਸਿੰਘ ਅਤੇ ਸ. ਰਣਜੀਤ ਸਿੰਘ ਬ੍ਰਹਮਪੁਰਾ ਸ਼ਾਮਲ ਸਨ। ਇਸ ਮਿਲਣੀ ਬਾਰੇ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਦਿਲਜੀਤ ਸਿੰਘ ਬੇਦੀ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਗ੍ਰਹਿ ਮੰਤਰੀ ਨਾਲ ਵਫ਼ਦ ਦੀ ਮੁਲਾਕਾਤ ਸਦਭਾਵਨਾ ਵਾਲੇ ਮਾਹੌਲ ਵਿਚ ਹੋਈ ਹੈ। ਸ. ਬੇਦੀ ਅਨੁਸਾਰ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਹੈ ਕਿ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਰਾਜਨਾਥ ਸਿੰਘ ਨੇ ਉਨ੍ਹਾਂ ਦੀ ਗੱਲਬਾਤ ਬਹੁਤ ਗੰਭੀਰਤਾ ਨਾਲ ਸੁਣੀ ਅਤੇ ਉਨ੍ਹਾਂ ਨੂੰ ਪੂਰਨ ਭਰੋਸਾ ਦਿਵਾਇਆ ਹੈ ਕਿ ਉਹ ਪੂਰੀ ਸੁਹਿਰਦਤਾ ਨਾਲ ਰਾਸ਼ਟਰਪਤੀ ਕੋਲ ਭਾਈ ਰਾਜੋਆਣਾ ਦੀ ਫਾਂਸੀ ਦੇ ਮਾਮਲੇ ਨੂੰ ਉਠਾਉਣਗੇ ਅਤੇ ਆਪਣੇ ਵਲੋਂ ਹਰ ਸੰਭਵ ਸਹਾਇਤਾ ਕਰਨਗੇ।

ਸ਼੍ਰੋਮਣੀ ਕਮੇਟੀ ਬੁਲਾਰੇ ਅਨੁਸਾਰ ਗ੍ਰਹਿ ਮੰਤਰੀ ਨੂੰ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਸੌਂਪੇ ਗਏ ਇੱਕ ਪੱਤਰ ਰਾਹੀਂ ਉਨ੍ਹਾਂ ਨੂੰ ਦੱਸਿਆ ਗਿਆ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਦੀ ਸਜ਼ਾ ਮੁਆਫ਼ੀ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ 25 ਮਾਰਚ 2012 ਨੂੰ ਤਤਕਾਲੀ ਰਾਸ਼ਟਰਪਤੀ ਸ੍ਰੀਮਤੀ ਪ੍ਰਤਿਭਾ ਦੇਵੀ ਸਿੰਘ ਪਾਟਿਲ ਪਾਸ ਅਪੀਲ ਕੀਤੀ ਗਈ ਸੀ। ਇਹ ਅਪੀਲ ਸ਼੍ਰੋਮਣੀ ਕਮੇਟੀ ਦੇ ਉਸ ਸਮੇਂ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਮੱਕੜ ਵੱਲੋਂ ਕੀਤੀ ਗਈ ਸੀ। ਇਸ ਤੋਂ ਬਾਅਦ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਦੀ ਅਗਵਾਈ ਵਿਚ ਵੀ ਇਕ ਉੱਚ ਪੱਧਰੀ ਵਫ਼ਦ ਦੇਸ਼ ਦੇ ਤਤਕਾਲੀ ਰਾਸ਼ਟਰਪਤੀ ਸ੍ਰੀ ਪ੍ਰਣਬ ਮੁਖਰਜੀ ਨੂੰ ਮਿਲਿਆ ਸੀ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਸ੍ਰੀ ਰਾਜਨਾਥ ਸਿੰਘ ਨੂੰ ਯਾਦ ਦਿਵਾਇਆ ਕਿ ਸ੍ਰੀ ਅੰਮ੍ਰਿਤਸਰ ਵਿਖੇ ਵੀ ਉਨ੍ਹਾਂ ਨਾਲ ਮੁਲਾਕਾਤ ਸਮੇਂ ਭਾਈ ਰਾਜੋਆਣੇ ਦੀ ਸਜ਼ਾ ਦਾ ਮਾਮਲਾ ਹੱਲ ਕਰਨ ਸਬੰਧੀ ਪੱਤਰ ਸੌਂਪਿਆ ਗਿਆ ਸੀ। ਉਨ੍ਹਾਂ ਕਿਹਾ ਕਿ ਭਾਈ ਰਾਜੋਆਣਾ ਪਿਛਲੇ 21 ਸਾਲਾਂ ਤੋਂ ਜ਼ੇਲ੍ਹ 'ਚ ਨਜ਼ਰਬੰਦ ਹਨ ਅਤੇ ਇਹ ਸਿੱਖ ਜਗਤ ਦੀਆਂ ਭਾਵਨਾਵਾਂ ਨਾਲ ਜੁੜਿਆ ਹੋਇਆ ਮਾਮਲਾ ਹੋਣ ਕਰਕੇ ਜਲਦ ਹੱਲ ਦੀ ਮੰਗ ਕਰਦਾ ਹੈ। ਇਸ ਲਈ ਸਿੱਖ ਭਾਵਨਾਵਾਂ ਦੀ ਕਦਰ ਕਰਦਿਆਂ ਸ਼੍ਰੋਮਣੀ ਕਮੇਟੀ ਦੀ ਅਪੀਲ 'ਤੇ ਜਲਦ ਫੈਸਲਾ ਕੀਤਾ ਜਾਵੇ।



ਗੁਰੂ ਕੀ ਵਡਾਲੀ ਵਿਖੇ ਢਾਡੀ/ਕਵੀਸ਼ਰ ਗੁਰਮਤਿ ਕਾਲਜ ਦੇ ਉਦਘਾਟਨ ਸਮੇਂ ਢਾਡੀ ਸਭਾ ਵੱਲੋਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਸਨਮਾਨ ਵਜੋਂ ਭੇਟ ਕੀਤੇ ਸੋਨੇ ਦੇ ਕੈਂਠੇ ਨੂੰ ਭਾਈ ਲੌਂਗੋਵਾਲ ਕੇਂਦਰੀ ਸਿੱਖ ਅਜਾਇਬ ਘਰ ਵਿਚ ਸੁਸ਼ੋਭਿਤ ਕਰਨ ਲਈ ਮੁੱਖ ਸਕੱਤਰ ਡਾ. ਰੂਪ ਸਿੰਘ ਨੂੰ ਸੌਂਪਦੇ ਹੋਏ।

# ਗਿਆਨੀ ਸੋਹਣ ਸਿੰਘ ਸੀਤਲ ਦੇ ਨਾਂ 'ਤੇ ਸ਼੍ਰੋਮਣੀ ਕਮੇਟੀ ਵੱਲੋਂ ਢਾਡੀ/ਕਵੀਸ਼ਰ ਗੁਰਮਤਿ ਕਾਲਜ ਦੀ ਆਰੰਭਤਾ

## ਬੀਬੀਆਂ ਨੂੰ ਵੀ ਢਾਡੀ/ਕਵੀਸ਼ਰੀ ਕਲਾ ਸਿਖਾਉਣ ਦਾ ਪ੍ਰਬੰਧ ਹੋਵੇਗਾ-ਭਾਈ ਲੌਂਗੋਵਾਲ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਢਾਡੀ ਕਲਾ ਨੂੰ ਪ੍ਰਫੁੱਲਤ ਕਰਨ ਲਈ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਅਸਥਾਨ ਗੁਰੂ ਕੀ ਵਡਾਲੀ ਵਿਖੇ ਪ੍ਰਸਿੱਧ ਢਾਡੀ ਗਿਆਨੀ ਸੋਹਣ ਸਿੰਘ ਸੀਤਲ ਦੇ ਨਾਂ 'ਤੇ ਸਥਾਪਤ ਕੀਤੇ ਗਏ ਪਹਿਲੇ ਢਾਡੀ/ਕਵੀਸ਼ਰ ਗੁਰਮਤਿ ਕਾਲਜ ਦਾ ਉਦਘਾਟਨ ਅੱਜ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕੀਤਾ। ਉਦਘਾਟਨੀ ਸਮਾਰੋਹ ਮੌਕੇ ਸੰਬੋਧਨ ਕਰਦਿਆਂ ਭਾਈ ਲੌਂਗੋਵਾਲ ਨੇ ਕਿਹਾ ਕਿ ਛੇਵੇਂ ਪਾਤਸ਼ਾਹ ਜੀ ਵੱਲੋਂ ਸ਼ੁਰੂ ਕੀਤੀ ਗਈ ਢਾਡੀ ਕਲਾ ਦਾ ਸਿੱਖ ਧਰਮ ਦੇ ਪ੍ਰਚਾਰ ਪ੍ਰਸਾਰ ਅਤੇ ਸਿੱਖਾਂ ਅੰਦਰ ਚੜ੍ਹਦੀ ਕਲਾ ਦਾ ਜਜ਼ਬਾ ਪੈਦਾ ਕਰਨ ਲਈ ਅਹਿਮ ਯੋਗਦਾਨ ਰਿਹਾ ਹੈ। ਉਨ੍ਹਾਂ ਕਿਹਾ ਕਿ ਢਾਡੀ ਕਵੀਸ਼ਰ ਸਿੱਖੀ ਦੇ ਪ੍ਰਚਾਰ ਲਈ ਗੁਰੂ ਸਾਹਿਬਾਨ ਦੇ ਸਮੇਂ ਤੋਂ ਹੀ ਕਾਰਜਸ਼ੀਲ ਰਹੇ ਹਨ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਵੱਡੀ ਗਿਣਤੀ ਵਿਚ ਢਾਡੀ/ਕਵੀਸ਼ਰ ਭਰਤੀ ਕੀਤੇ ਗਏ ਹਨ, ਜੋ ਸਿੱਖੀ ਦਾ ਪ੍ਰਚਾਰ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਹੁਣ ਸ਼੍ਰੋਮਣੀ ਕਮੇਟੀ ਢਾਡੀ/ਕਵੀਸ਼ਰ ਆਪ ਤਿਆਰ ਕਰਕੇ ਉਨ੍ਹਾਂ ਨੂੰ ਵੱਖ-ਵੱਖ ਖੇਤਰਾਂ ਵਿਚ ਧਰਮ ਪ੍ਰਚਾਰ ਕਰਨ ਲਈ ਪਹਿਲ ਦੇ ਆਧਾਰ 'ਤੇ ਨਿਯੁਕਤ ਕਰੇਗੀ। ਉਨ੍ਹਾਂ ਐਲਾਨ ਕੀਤਾ ਕਿ ਭਵਿੱਖ ਵਿਚ ਇਸ ਢਾਡੀ/ਕਵੀਸ਼ਰ ਕਾਲਜ ਵਿਚ ਬੀਬੀਆਂ ਨੂੰ ਵੀ ਸਿਖਲਾਈ ਦਿੱਤੀ ਜਾਵੇਗੀ ਅਤੇ ਉਨ੍ਹਾਂ ਲਈ ਇਕ ਵੱਖਰੇ ਹੋਸਟਲ ਦਾ ਪ੍ਰਬੰਧ ਕੀਤਾ ਜਾਵੇਗਾ।

ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਕਮੇਟੀ ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਕਿਰਨਜੋਤ ਕੌਰ, ਮੁੱਖ ਸਕੱਤਰ ਡਾ. ਰੂਪ ਸਿੰਘ, ਢਾਡੀ ਗਿਆਨੀ ਬਲਦੇਵ ਸਿੰਘ ਐਮ.ਏ., ਗਿਆਨੀ ਗੁਰਮੇਜ ਸਿੰਘ ਸ਼ਹੂਰਾ ਅਤੇ ਕਵੀਸ਼ਰ ਭਾਈ ਗੁਰਮੁੱਖ ਸਿੰਘ ਐਮ.ਏ. ਨੇ ਵੀ ਸੰਬੋਧਨ ਕੀਤਾ। ਸਟੇਜ ਦੀ ਸੇਵਾ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਨਿਭਾਈ। ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਸਥਾਨਕ ਮੈਂਬਰਾਂ ਨੇ ਭਾਈ ਲੌਂਗੋਵਾਲ ਨੂੰ ਸਨਮਾਨਿਤ ਵੀ ਕੀਤਾ। ਇਸ ਦੇ ਨਾਲ ਹੀ ਵੱਖ-ਵੱਖ ਢਾਡੀ ਸਭਾਵਾਂ ਵੱਲੋਂ ਗਿਆਨੀ ਬਲਦੇਵ ਸਿੰਘ ਐਮ.ਏ. ਅਤੇ ਗਿਆਨੀ ਗੁਰਮੇਜ ਸਿੰਘ ਸ਼ਹੂਰਾ ਸਮੇਤ ਢਾਡੀ ਕਵੀਸ਼ਰ ਜਥਿਆਂ ਨੇ ਵੀ ਭਾਈ ਲੌਂਗੋਵਾਲ ਨੂੰ ਢਾਡੀ ਸਿਖਲਾਈ ਲਈ ਕਾਲਜ ਖੋਲ੍ਹਣ ਦੀ ਪਹਿਲਕਦਮੀ ਕਰਨ ਬਦਲੇ ਸਨਮਾਨ ਦਿੱਤਾ।

ਇਸ ਮੌਕੇ ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਭਗਵੰਤ ਸਿੰਘ ਸਿਆਲਕਾ, ਬੀਬੀ ਕਿਰਨਜੋਤ ਕੌਰ, ਡਾ. ਰੂਪ ਸਿੰਘ ਤੋਂ ਇਲਾਵਾ ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਸੁਰਜੀਤ ਸਿੰਘ ਭਿੱਟੇਵਡ, ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਜਾਇਬ ਸਿੰਘ ਅਭਿਆਸੀ, ਭਾਈ ਮਨਜੀਤ ਸਿੰਘ, ਸ. ਅਮਰੀਕ ਸਿੰਘ ਸ਼ਾਹਪੁਰ, ਬਾਬਾ ਨਿਰਮਲ ਸਿੰਘ, ਬੀਬੀ ਜੋਗਿੰਦਰ ਕੌਰ, ਸ. ਕੁਲਦੀਪ ਸਿੰਘ ਤੇੜਾ, ਸ. ਬਲਵਿੰਦਰ ਸਿੰਘ ਵਈਂਪੂਈਂ, ਬਾਬਾ ਸ਼ੁਬੇਗ ਸਿੰਘ ਕਾਰਸੇਵਾ ਵਾਲੇ, ਬਾਬਾ ਅਮਰੀਕ ਸਿੰਘ, ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਜਗਜੀਤ ਸਿੰਘ ਜੱਗੀ, ਸ. ਦਰਸ਼ਨ ਸਿੰਘ ਲੌਂਗੋਵਾਲ, ਡਾ. ਜੋਗੇਸ਼ਵਰ ਸਿੰਘ, ਸ. ਜਸਪਾਲ ਸਿੰਘ ਢੱਡੇ, ਸ. ਸੁਖਵਿੰਦਰ ਸਿੰਘ ਅਗਵਾਨ, ਪ੍ਰਿੰਸੀਪਲ ਬਲਦੇਵ ਸਿੰਘ, ਸ. ਦਿਲਬਾਗ ਸਿੰਘ ਵਡਾਲੀ ਸਮੇਤ ਹੋਰ ਹਾਜ਼ਰ ਸਨ।

ਸਫ਼ਾ 1 ਦਾ ਬਾਕੀ...

## ਮੁਫ਼ਤ ਬੱਸਾਂ ਰਵਾਨਾ...

ਫੈਸਲਾ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਇੱਕ ਬੱਸ ਹਵਾਈ ਅੱਡੇ ਤੋਂ ਸੰਗਤਾਂ ਨੂੰ ਮੁਫ਼ਤ ਲਿਆਉਣ ਤੇ ਲਿਜਾਣ ਦੀ ਸੁਵਿਧਾ ਦੇ ਰਹੀ ਹੈ ਅਤੇ ਚਾਰ ਬੱਸਾਂ ਤਖ਼ਤ ਸਾਹਿਬਾਨਾਂ ਲਈ ਅੱਜ ਰਵਾਨਾਂ ਕੀਤੀਆਂ ਗਈਆਂ ਹਨ। ਇਹ ਬੱਸਾਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਤਖਤ ਸ੍ਰੀ ਦਮਦਮਾ ਸਾਹਿਬ ਜੋਨ ਵਿਚ ਧਰਮ ਪ੍ਰਚਾਰ ਲਹਿਰ ਤਹਿਤ ਵੱਖ-ਵੱਖ ਹਲਕਿਆਂ ਦੀਆਂ ਸੰਗਤਾਂ ਨੂੰ ਸੇਵਾਵਾਂ ਦੇਣਗੀਆਂ। ਉਨ੍ਹਾਂ ਕਿਹਾ ਕਿ ਇਨ੍ਹਾਂ ਦੀ ਸਾਰਣੀ ਬਣਾਉਣ ਲਈ ਦੋਵੇਂ ਤਖਤ ਸਾਹਿਬਾਨ ਵਿਖੇ ਸਥਿਤ ਸ਼੍ਰੋਮਣੀ ਕਮੇਟੀ ਦੇ ਉਪ ਦਫਤਰ ਕਾਰਜ ਕਰਨਗੇ ਅਤੇ ਵਾਰੀ ਅਨੁਸਾਰ ਵੱਖ ਵੱਖ ਹਲਕਿਆਂ ਤੋਂ ਸੰਗਤ ਨੂੰ ਇਹ ਸਹੂਲਤ ਮੁਫਤ ਮਿਲੇਗੀ। ਇਸ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ, ਸ. ਦਿਲਜੀਤ ਸਿੰਘ ਬੇਦੀ ਤੇ ਸ. ਬਲਵਿੰਦਰ ਸਿੰਘ ਜੌੜਾ ਸਿੰਘਾ, ਵਧੀਕ ਸਕੱਤਰ ਸ. ਜਗਜੀਤ ਸਿੰਘ ਜੱਗੀ, ਸ. ਸੁਖਦੇਵ ਸਿੰਘ ਭੂਰਾ ਕੋਹਨਾ, ਸ. ਪ੍ਰਤਾਪ ਸਿੰਘ, ਸ. ਜਸਵਿੰਦਰ ਸਿੰਘ ਦੀਨਪੁਰ ਮੈਨੇਜਰ ਸ੍ਰੀ ਦਰਬਾਰ ਸਾਹਿਬ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਕੱਤਰ ਸਿੰਘ, ਸ. ਨਿਸ਼ਾਨ ਸਿੰਘ, ਸ. ਕਰਮਬੀਰ ਸਿੰਘ, ਸ. ਗੁਰਬਚਨ ਸਿੰਘ ਲੇਹਲ, ਸ. ਸੁਲੱਖਣ ਸਿੰਘ ਭੰਗਾਲੀ, ਸ. ਗੁਰਮੀਤ ਸਿੰਘ ਬੁੱਟਰ, ਸ. ਸਤਿੰਦਰ ਸਿੰਘ, ਸ. ਦਰਸ਼ਨ ਸਿੰਘ ਪੀ.ਏ., ਮੈਨੇਜਰ ਸ. ਮੁਖਤਾਰ ਸਿੰਘ, ਵਧੀਕ ਮੈਨੇਜਰ ਸ. ਰਜਿੰਦਰ ਸਿੰਘ ਰੂਬੀ ਅਟਾਰੀ, ਸ. ਬਘੇਲ ਸਿੰਘ, ਸ. ਹਰਪ੍ਰੀਤ ਸਿੰਘ, ਸ. ਸਤਨਾਮ ਸਿੰਘ ਅਤੇ ਸ. ਗੁਰਾ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

ਮੁੱਖ ਸੰਪਾਦਕ:
ਦਿਲਜੀਤ ਸਿੰਘ ਬੇਦੀ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ,
ਗੁਰਦੁਆਰਾ ਰਾਮਸਰ ਸਾਹਿਬ,
ਸ੍ਰੀ ਅੰਮ੍ਰਿਤਸਰ ਸਾਹਿਬ।

# ਗੁਰਬਾਣੀ ਪਾਠ ਬੋਧ ਸਮਾਗਮਾਂ ਦੀ ਲੜੀ ਆਰੰਭ ਕਰਨਾ ਇਤਿਹਾਸਕ ਕਾਰਜ- ਗਿਆਨੀ ਗੁਰਬਚਨ ਸਿੰਘ

## ਗੁਰਦੁਆਰਾ ਸ੍ਰੀ ਮੰਜੀ ਸਾਹਿਬ ਆਲਮਗੀਰ ਵਿਖੇ ਆਰੰਭ ਹੋਇਆ ਪੰਜਵਾਂ ਗੁਰਬਾਣੀ ਪਾਠ ਬੋਧ ਸਮਾਗਮ





ਆਲਮਗੀਰ- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਨੇ ਕਿਹਾ ਕਿ ਸਮੁੱਚੇ ਸੰਸਾਰ ਦੇ ਅੰਦਰ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਵਿੱਚ ਆਪਣਾ ਅਹਿਮ ਯੋਗਦਾਨ ਪਾਉਣ ਵਾਲੀ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭ ਕੀਤੀ ਗਈ ਗੁਰਬਾਣੀ ਪਾਠ ਬੋਧ ਸਮਾਗਮਾਂ ਦੀ ਲੜੀ ਆਪਣੇ ਆਪ ਵਿੱਚ ਇੱਕ ਇਤਿਹਾਸਕ ਕਾਰਜ ਹੈ, ਕਿਉਂਕਿ ਇਸ ਸੁਹਿਰਦ ਕਾਰਜ ਸਦਕਾ ਹੀ ਗ੍ਰੰਥੀ ਤੇ ਅਖੰਡਪਾਠੀ ਸਿੰਘ ਗੁਰਬਾਣੀ ਦੀ ਸੰਥਿਆ ਤੇ ਸ਼ੁੱਧ ਉਚਾਰਨ ਦੀ ਸਿਖਲਾਈ ਪ੍ਰਾਪਤ ਕਰਕੇ ਸੰਗਤਾਂ ਨੂੰ ਗੁਰਬਾਣੀ ਦੇ ਸ਼ੁੱਧ ਉਚਾਰਨ ਦੇ ਮੱਹਤਵ ਤੋਂ ਜਾਗਰੂਕ ਕਰਵਾਉਣ ਵਿੱਚ ਸਹਾਈ ਸਿੱਧ ਹੋਣਗੇ। ਗੁਰਦੁਆਰਾ ਸ੍ਰੀ ਮੰਜੀ ਸਾਹਿਬ ਆਲਮਗੀਰ ਵਿਖੇ ਧਰਮ ਪ੍ਰਚਾਰ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਆਰੰਭ ਕੀਤੀ ਗਈ ਗੁਰਬਾਣੀ ਪਾਠ ਬੋਧ ਸਮਾਗਮਾਂ ਦੀ ਲੜੀ ਦੇ ਤਹਿਤ ਦੋਆਬਾ ਜ਼ੋਨ ਦੇ ਦੂਜੇ ਗੁਰਬਾਣੀ ਪਾਠ ਬੋਧ ਸਮਾਗਮ ਦੀ ਆਰੰਭਤਾ ਮੌਕੇ ਆਯੋਜਿਤ ਕੀਤੇ ਗਏ ਸਮਾਗਮ ਵਿੱਚ ਵਿਸ਼ੇਸ ਤੌਰ ਤੇ ਪੁੱਜੇ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਸਮਾਗਮ ਅੰਦਰ ਵੱਡੀ ਗਿਣਤੀ ਵਿੱਚ ਇੱਕਤਰ ਹੋਈਆਂ ਸੰਗਤਾਂ, ਗ੍ਰੰਥੀ ਤੇ ਅਖੰਡਪਾਠੀ ਸਿੰਘਾਂ ਨੂੰ ਸੰਬੋਧਨ ਕਰਦਿਆ ਹੋਇਆ ਕਿਹਾ ਕਿ ਗੁਰਬਾਣੀ ਦੇ ਸ਼ੁੱਧ ਪਾਠ ਲਈ ਗੁਰਬਾਣੀ ਵਿਆਕਰਨ ਦੀ ਸਮਝ ਹੋਣੀ ਬਹੁਤ ਜ਼ਰੂਰੀ ਹੈ ਅਤੇ ਹਰ ਇੱਕ ਗ੍ਰੰਥੀ/ਅਖੰਡਪਾਠੀ ਨੂੰ ਇਸ ਸੇਵਾ ਵਿੱਚ ਆਉਣ ਤੋਂ ਪਹਿਲਾਂ ਗੁਰਬਾਣੀ ਦੀ ਮੁੰਕਮਲ ਸੰਥਿਆਂ ਲੈਣੀ ਚਾਹੀਦੀ ਹੈ। ਇਸ ਦੌਰਾਨ ਉਹਨਾਂ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਦੇ ਲਈ ਕੀਤੇ ਜਾ ਰਹੇ ਕਾਰਜਾਂ ਦੀ ਜ਼ੋਰਦਾਰ ਸ਼ਬਦਾਂ ਵਿੱਚ ਸ਼ਲਾਘਾ ਕੀਤੀ। ਗੁਰਬਾਣੀ ਪਾਠ ਬੋਧ ਸਮਾਗਮ ਦੀ ਆਰੰਭਤਾ ਮੌਕੇ ਪੁੱਜੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਸਾਂਝੇ ਰੂਪ ਵਿੱਚ ਆਪਣੇ ਵਿਚਾਰਾਂ ਦੀ ਸਾਂਝ ਸੰਗਤਾਂ ਨਾਲ ਕਰਦਿਆਂ ਹੋਇਆ ਕਿਹਾ ਕਿ ਗੁਰੂ ਮਹਾਰਾਜ ਤੇ ਭਗਤ ਸਾਹਿਬਾਨ ਵੱਲੋਂ ਉਚਰੀ ਇਲਾਹੀ ਬਾਣੀ ਗਿਆਨ ਦੇ ਚਸ਼ਮੇ ਦੀ ਤਰ੍ਹਾਂ ਹੈ, ਜਿਸ ਵਿੱਚੋਂ ਗਿਆਨ ਦੀ ਪ੍ਰਾਪਤੀ ਕਰਕੇ ਕੋਈ ਵੀ ਮਨੁੱਖ ਆਪਣਾ ਜੀਵਨ ਸਫਲ ਕਰ ਸਕਦਾ ਹੈ। ਉਨ੍ਹਾਂ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭ ਕੀਤੀ ਗਈ ਗੁਰਬਾਣੀ ਪਾਠ ਬੋਧ ਸਮਾਗਮਾਂ ਦੀ ਲੜੀ ਆਪਣੇ ਆਪ ਵਿੱਚ ਇੱਕ ਬੇਮਿਸਾਲ ਕਾਰਜ ਹੈ।

ਇਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਪਣੇ ਵਿਚਾਰਾਂ ਦੀ ਸਾਂਝ ਕਰਦਿਆ ਹੋਇਆ ਕਿਹਾ ਕਿ ਸਿੱਖੀ ਪ੍ਰਚਾਰ ਦੀ ਮੁਹਿੰਮ ਨੂੰ ਘਰ-ਘਰ ਪਹੁੰਚਾਉਣ ਦੇ ਲਈ ਧਰਮ ਪ੍ਰਚਾਰ ਕਮੇਟੀ ਦੇ ਵੱਲੋਂ ਆਰੰਭ ਕੀਤੀ ਗਈ ਗੁਰਬਾਣੀ ਪਾਠ ਬੋਧ ਸਮਾਗਮਾਂ ਦੀ ਲੜੀ ਸਮੁੱਚੇ ਪੰਜਾਬ ਅੰਦਰ ਤਿੰਨ ਜ਼ੋਨ ਬਣਾ ਕੇ ਆਰੰਭ ਕੀਤੀ ਗਈ ਹੈ। ਜਿਸ ਦੇ ਅੰਤਰਗਤ ਹਰ ਪਿੰਡ-ਸ਼ਹਿਰ ਦੇ ਗ੍ਰੰਥੀ ਤੇ ਅਖੰਡਪਾਠੀ ਸਿੰਘਾਂ ਨੂੰ ਵਿਦਵਾਨ ਉਸਤਾਦਾਂ ਵੱਲੋਂ ਗੁਰਬਾਣੀ ਦੀ ਸ਼ੁੱਧ ਸੰਥਿਆ ਤੇ ਸ਼ੁੱਧ ਉਚਾਰਨ ਦੀ ਸਿਖਲਾਈ ਦਿੱਤੀ ਜਾਵੇਗੀ ਤਾਂਕਿ ਉਹ ਗੁਰਬਾਣੀ ਦੀ ਵਿਆਕਰਨ ਸਮਝ ਕੇ ਗੁਰਬਾਣੀ ਦਾ ਸ਼ੁੱਧ ਪਾਠ ਤੇ ਸੰਥਿਆ ਕਰ ਸਕਣ। ਉਨ੍ਹਾਂ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਆਰੰਭ ਕੀਤੀ ਗਈ ਗੁਰਬਾਣੀ ਪਾਠ ਬੋਧ ਸਮਾਗਮ ਦੀ ਲੜੀ ਦਾ ਮੁੱਖ ਮਨੋਰਥ ਗੁਰੂ ਸਾਹਿਬਾਨ ਦੇ ਸੰਦੇਸ਼ਾਂ, ਵਿਚਾਰਧਾਰਾਂ ਤੇ ਫਲਾਸਫੀ ਨੂੰ ਘਰ-ਘਰ ਪਹੁੰਚਾਉਣਾ ਹੈ। ਇਸੇ ਉਦੇਸ਼ ਦੀ ਪੂਰਤੀ ਲਈ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਆਲਮਗੀਰ ਵਿਖੇ ਪੰਜਵੇਂ ਗੁਰਬਾਣੀ ਪਾਠ ਬੋਧ ਸਮਾਗਮ ਦੀ ਆਰੰਭਤਾ ਕੀਤੀ ਜਾ ਰਹੀ ਹੈ। ਉਹਨਾਂ ਨੇ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਉਕਤ ਗੁਰਬਾਣੀ ਪਾਠ ਬੋਧ ਸਮਾਗਮ ਅੰਦਰ 526 ਤੋਂ ਵੱਧ ਗ੍ਰੰਥੀ, ਅਖੰਡਪਾਠੀ ਸਿੰਘਾਂ ਦਾ ਪੁੱਜਣਾ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਸੰਗਤਾਂ ਜਾਗਰੂਕ ਹੋ ਕੇ ਧਰਮ ਪ੍ਰਚਾਰ ਦੀ ਮੁਹਿੰਮ ਨਾਲ ਵੱਧ ਤੋਂ ਵੱਧ ਜੁੜ ਰਹੀਆਂ ਹਨ।

ਸਮਾਗਮ ਦੌਰਾਨ ਆਪਣੇ ਵਿਚਾਰਾਂ ਦੀ ਸਾਂਝ ਕਰਦਿਆ ਹੋਇਆ ਜਥੇਦਾਰ ਹਰਪਾਲ ਸਿੰਘ ਜੱਲ੍ਹਾ ਜੂਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਲੁਧਿਆਣਾ ਜਿਲੇ ਦੇ ਸਮੂਹ ਸ਼੍ਰੋਮਣੀ ਕਮੇਟੀ ਮੈਂਬਰਾਂ ਦੇ ਸਾਂਝੇ ਉਦਮਾ ਸਦਕਾ ਆਯੋਜਿਤ ਕੀਤਾ ਗਿਆ ਗੁਰਬਾਣੀ ਪਾਠ ਬੋਧ ਸਮਾਗਮ ਇੱਕ ਇਤਿਹਾਸਕ ਸਮਾਗਮ ਹੋਵੇਗਾ। ਉਨ੍ਹਾਂ ਨੇ ਆਸ ਪ੍ਰਗਟ ਕੀਤੀ ਕਿ ਉਘੇ ਸਿੰਘ ਵਿਦਵਾਨ ਭਾਈ ਗੁਰਭਾਗ ਸਿੰਘ ਦੀ ਯੋਗ ਅਗਵਾਈ ਹੇਠ ਉਕਤ ਗੁਰਬਾਣੀ ਪਾਠ ਬੋਧ ਸਮਾਗਮ ਰਾਹੀਂ ਸੰਥਿਆ ਪ੍ਰਾਪਤ ਕਰਨ ਵਾਲੇ ਗ੍ਰੰਥੀ ਤੇ ਅਖੰਡਪਾਠੀ ਜਿੱਥੇ ਗੁਰਬਾਣੀ ਦੇ ਸ਼ੁੱਧ ਉਚਾਰਨ ਲਈ ਆਪ ਸੁਚੇਤ ਹੋਣਗੇ ਉਥੇ ਸੰਗਤਾਂ ਨੂੰ ਵੀ ਗੁਰਬਾਣੀ ਦੇ ਸ਼ੁੱਧ ਉਚਾਰਨ ਦੀ ਮਹੱਤਤਾ ਬਾਰੇ ਜਾਣਕਾਰੀ ਦੇਣ ਵਿੱਚ ਸਫਲਤਾ ਪ੍ਰਾਪਤ ਦੇਣਗੇ। ਉਹਨਾਂ ਨੇ ਇਹ ਵੀ ਦੱਸਿਆ ਕਿ ਗੁਰਬਾਣੀ ਪਾਠ ਬੋਧ ਸਮਾਗਮ ਅੰਦਰ ਭਾਗ ਲੈਣ ਵਾਲੇ ਗ੍ਰੰਥੀ ਤੇ ਅਖੰਡ ਪਾਠੀ ਸਿੰਘਾਂ ਨੂੰ ਗੁਰਬਾਣੀ ਸੰਥਿਆਂ ਪ੍ਰਾਪਤ ਕਰਨ ਉਪਰੰਤ ਸ਼੍ਰੋਮਣੀ ਕਮੇਟੀ ਵੱਲੋਂ 5100/- ਰੁਪਏ ਨਕਦ ਤੇ ਪ੍ਰਮਾਣ ਪੱਤਰ ਭੇਟ ਕਰਕੇ ਵਿਸ਼ੇਸ਼ ਤੋਰ ਤੇ ਸਨਮਾਨਿਤ ਵੀ ਕੀਤਾ ਜਾਵੇਗਾ । ਇਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਜਥੇਦਾਰ ਹਰਪਾਲ ਸਿੰਘ ਜੱਲ੍ਹਾ ਜੂਨੀਅਰ ਮੀਤ ਪ੍ਰਧਾਨ, ਜਥੇਦਾਰ ਚਰਨ ਸਿੰਘ ਆਲਮਗੀਰ ਮੈਂਬਰ ਸ਼੍ਰੋਮਣੀ ਕਮੇਟੀ ਦੇ ਵੱਲੋਂ ਗੁਰਬਾਣੀ ਪਾਠ ਬੋਧ ਸਮਾਗਮ ਦੀ ਆਰੰਭਤਾ ਮੌਕੇ ਵਿਸ਼ੇਸ਼ ਤੌਰ ਤੇ ਪੁੱਜੇ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ, ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ, ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਅਤੇ ਹੋਰ ਕਈ ਪ੍ਰਮੁੱਖ ਸ਼ਖਸੀਅਤਾਂ ਨੂੰ ਸਿਰਪਾਉ ਬਖਸ਼ਿਸ਼ ਕਰਕੇ ਸਨਮਾਨਿਤ ਵੀ ਕੀਤਾ ਗਿਆ । ਇਸ ਸਮੇਂ ਉਹਨਾਂ ਦੇ ਨਾਲ ਸ਼੍ਰੋਮਣੀ ਕਮੇਟੀ ਮੈਂਬਰ ਸ. ਅਮਰਜੀਤ ਸਿੰਘ ਚਾਵਲਾ, ਸ. ਰਘਬੀਰ ਸਿੰਘ ਸਹਾਰਨ ਮਾਜ਼ਰਾ, ਸ. ਗੁਰਚਰਨ ਸਿੰਘ ਗਰੇਵਾਲ, ਸ. ਕੇਵਲ ਸਿੰਘ ਬਾਦਲ, ਸ. ਜਗਜੀਤ ਸਿੰਘ ਤਲਵੰਡੀ, ਸ. ਸਰਬੰਸ ਸਿੰਘ ਮਾਣਕੀ, ਸ. ਰਵਿੰਦਰ ਪਾਲ ਸਿੰਘ ਖਾਲਸਾ, ਸ. ਦਵਿੰਦਰ ਸਿੰਘ ਖੱਟੜਾ, ਸ. ਜਗਬੀਰ ਸਿੰਘ ਸੋਖੀ, ਸ. ਹਰਜਿੰਦਰ ਸਿੰਘ ਪਵਾਤ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਪ੍ਰਿਤਪਾਲ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਸੁਰਿੰਦਰ ਸਿੰਘ ਬੱਦੋਵਾਲ ਦੀ ਸੁਪਤਨੀ ਬੀਬੀ ਕੁਲਵਿੰਦਰ ਕੌਰ, ਸ. ਸੰਤਾ ਸਿੰਘ ਉਮੈਦਪੁਰੀ ਮੈਂਬਰ ਦਿੱਲੀ ਕਮੇਟੀ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੋੜਾ ਸਿੰਘਾ, ਡਾ. ਪਰਮਜੀਤ ਸਿੰਘ ਸਰੋਆ, ਸ. ਦਰਸ਼ਨ ਸਿੰਘ ਪੀ.ਏ. ਆਦਿ ਹਾਜ਼ਰ ਸਨ।

# ਸ੍ਰੀ ਮੁਕਤਸਰ ਸਾਹਿਬ ਵਿਖੇ ਗੁਰਬਾਣੀ ਪਾਠ ਬੋਧ ਸਮਾਗਮ ਤੋਂ ਅਨੇਕਾਂ ਪਿੰਡਾਂ ਦੇ ਗ੍ਰੰਥੀ ਸਿੰਘਾਂ ਨੇ ਲਿਆ ਲਾਹਾ




ਸ੍ਰੀ ਮੁਕਤਸਰ ਸਾਹਿਬ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਵਿਖੇ 1 ਜੂਨ ਤੋਂ ਆਰੰਭ ਕੀਤੇ ਗਏ ਗੁਰਬਾਣੀ ਪਾਠ ਬੋਧ ਸਮਾਗਮ ਦੀ ਸੰਪੂਰਨਤਾ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਗੁਰਬਾਣੀ ਦੀ ਸੰਥਿਆ ਪ੍ਰਾਪਤ ਕਰਨ ਵਾਲੇ ਗ੍ਰੰਥੀ ਤੇ ਅਖੰਡਪਾਠੀ ਸਿੰਘਾਂ ਨੂੰ ਸਿਰੋਪਾਓ, ਪ੍ਰਮਾਣ ਪੱਤਰ ਅਤੇ 5100-5100 ਰੁਪਏ ਦੀ ਰਾਸ਼ੀ ਦੇ ਚੈੱਕ ਦੇ ਕੇ ਸਨਮਾਨਿਤ ਕੀਤਾ ਗਿਆ। ਪਾਠ ਬੋਧ ਸਮਾਗਮ ਵਿਚ ਕੁਲ 325 ਗ੍ਰੰਥੀ ਤੇ ਅਖੰਡ ਪਾਠੀ ਸਿੰਘਾਂ ਨੇ ਹਿੱਸਾ ਲਿਆ।

**ਗੁਰਬਾਣੀ ਦੇ ਗੁੱਝੇ ਭੇਦਾਂ ਨੂੰ ਸਮਝਣ ਲਈ ਸ਼ੁੱਧ ਉਚਾਰਨ ਬਹੁਤ ਜ਼ਰੂਰੀ-ਭਾਈ ਲੌਂਗੋਵਾਲ**

ਇਸ ਮੌਕੇ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਕਿਹਾ ਕਿ ਗੁਰਬਾਣੀ ਦੀ ਸੰਥਿਆ ਗ੍ਰੰਥੀ ਅਤੇ ਅਖੰਡ ਪਾਠੀ ਸਿੰਘਾਂ ਲਈ ਬੇਹੱਦ ਜ਼ਰੂਰੀ ਹੈ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਪੰਜਾਬ ਭਰ ਵਿਚ ਆਰੰਭਿਆ ਗਿਆ ਪਾਠ ਬੋਧ ਸਮਾਗਮਾਂ ਦਾ ਉਪਰਾਲਾ ਸ਼ਲਾਘਾਯੋਗ ਹੈ। ਉਨ੍ਹਾਂ ਗ੍ਰੰਥੀ ਸਿੰਘਾਂ ਨੂੰ ਕਿਹਾ ਕਿ ਉਹ ਆਪੋ-ਆਪਣੇ ਪਿੰਡਾਂ ਵਿਚ ਜਾ ਕੇ ਸੰਗਤਾਂ ਅਤੇ ਖ਼ਾਸਕਰ ਨੌਜੁਆਨਾਂ ਤੇ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨ ਦਾ ਉੱਦਮ ਕਰਨ।

ਇਸ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਕਿਹਾ ਕਿ ਗੁਰਬਾਣੀ ਦੇ ਗੁੱਝੇ ਭੇਦਾਂ ਨੂੰ ਸਮਝਣ ਲਈ ਗੁਰਬਾਣੀ ਦਾ ਸ਼ੁੱਧ ਉਚਾਰਣ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਗੁਰਬਾਣੀ ਪਾਠ ਬੋਧ ਸਮਾਗਮਾਂ ਦੀ ਲੜੀ ਨੂੰ ਲਗਾਤਾਰ ਅੱਗੇ ਵਧਾਇਆ ਜਾਵੇਗਾ ਅਤੇ ਹਰ ਪਿੰਡ-ਸ਼ਹਿਰ ਦੇ ਗ੍ਰੰਥੀ ਤੇ ਅਖੰਡਪਾਠੀ ਸਿੰਘਾਂ ਨੂੰ ਗੁਰਬਾਣੀ ਦੀ ਮੁਕੰਮਲ ਸੰਥਿਆ ਦਿੱਤੀ ਜਾਵੇਗੀ। ਉਨ੍ਹਾਂ ਗੁਰਬਾਣੀ ਦੀ ਸਿੱਖਿਆ ਪ੍ਰਾਪਤ ਕਰਨ ਵਾਲੇ ਗ੍ਰੰਥੀਆਂ ਨੂੰ ਵਧਾਈ ਦਿੱਤੀ ਅਤੇ ਇਸ ਪਾਠ ਬੋਧ ਸਮਾਗਮ ਵਿਚ ਵੱਡੀ ਗਿਣਤੀ ਗ੍ਰੰਥੀਆਂ ਤੇ ਅਖੰਡਪਾਠੀਆਂ ਨੂੰ ਸ਼ਾਮਲ ਕਰਨ ਲਈ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਅਤੇ ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਦੇ ਯਤਨਾਂ ਦੀ ਸ਼ਲਾਘਾ ਕੀਤੀ। ਸਮਾਗਮ ਦੌਰਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਪਿੰਡਾਂ ਦੇ ਗ੍ਰੰਥੀ ਤੇ ਅਖੰਡਪਾਠੀ ਸਿੰਘਾਂ ਨੂੰ ਗੁਰਬਾਣੀ ਦੇ ਪਾਠ ਬੋਧ ਨਾਲ ਜੋੜਨ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਉਪਰਾਲੇ ਨੂੰ ਸਮੇਂ ਦੀ ਲੋੜ ਦੱਸਿਆ ਅਤੇ ਹਰ ਗ੍ਰੰਥੀ ਅਖੰਡਪਾਠੀ ਨੂੰ ਇਸ ਲਹਿਰ ਦਾ ਹਿੱਸਾ ਬਣਨ ਦੀ ਅਪੀਲ ਕੀਤੀ। ਇਸ ਤੋਂ ਪਹਿਲਾਂ ਅੰਤ੍ਰਿੰਗ ਕਮੇਟੀ ਮੈਂਬਰ ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਨਵਤੇਜ ਸਿੰਘ ਕਾਉਣੀ, ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਸਬ-ਆਫ਼ਿਸ ਤਲਵੰਡੀ ਸਾਬੋ ਦੇ ਵਧੀਕ ਸਕੱਤਰ ਸ. ਕੇਵਲ ਸਿੰਘ ਗਿੱਲ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵੱਲੋਂ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਜਥੇਦਾਰ ਗਿਆਨੀ ਗੁਰਬਚਨ ਸਿੰਘ, ਭਾਈ ਗੋਬਿੰਦ ਸਿੰਘ ਲੌਂਗੋਵਾਲ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ।

ਇਸ ਮੌਕੇ ਸ. ਹਰਪਾਲ ਸਿੰਘ ਜੱਲਾ ਜੂਨੀਅਰ ਮੀਤ ਪ੍ਰਧਾਨ, ਸ. ਗੁਰਮੀਤ ਸਿੰਘ ਬੂਹ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਨਵਤੇਜ ਸਿੰਘ ਕਾਉਣੀ, ਜਥੇਦਾਰ ਅਵਤਾਰ ਸਿੰਘ ਵਣਵਾਲਾ, ਸ. ਪ੍ਰਿਤਪਾਲ ਸਿੰਘ ਲੁਧਿਆਣਾ, ਬੀਬੀ ਕਿਰਨਬੀਰ ਕੌਰ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਸ਼ੇਰ ਸਿੰਘ ਮੰਡਵਾਲਾ, ਸ. ਸੁਖਦੇਵ ਸਿੰਘ ਬਾਠ, ਸ. ਕੌਰ ਸਿੰਘ ਬਹਾਵਵਾਲਾ, ਸ. ਬਿੱਕਰ ਸਿੰਘ ਚੰਨੂ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਕੇਵਲ ਸਿੰਘ ਗਿੱਲ, ਜਥੇਦਾਰ ਓਦੈ ਸਿੰਘ ਲੌਂਗੋਵਾਲ, ਸ. ਹੀਰਾ ਸਿੰਘ ਚੜੇਵਾਨ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ. ਤੇ ਹੋਰ ਹਾਜ਼ਰ ਸਨ।

# ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਕਰਵਾਏਗੀ ਪੰਜ ਵਿਸ਼ੇਸ਼ ਸੈਮੀਨਾਰ



ਅੰਮ੍ਰਿਤਸਰ- ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਿਥੇ ਵੱਖ-ਵੱਖ ਗੁਰਮਤਿ ਸਮਾਗਮ ਅਤੇ ਨਗਰ ਕੀਰਤਨ ਸਜਾਏ ਜਾਣਗੇ, ਉਥੇ ਹੀ ਪੰਜ ਵਿਸ਼ਾਲ ਸੈਮੀਨਾਰਾਂ ਦਾ ਵੀ ਪ੍ਰਬੰਧ ਕੀਤਾ ਰਿਹਾ ਹੈ। ਇਨ੍ਹਾਂ ਸੈਮੀਨਾਰਾਂ ਦੀ ਰੂਪ-ਰੇਖਾ ਅਤੇ ਵਿਉਂਤਬੰਦੀ ਬਾਰੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਮੈਂਬਰਾਂ, ਅਧਿਕਾਰੀਆਂ ਅਤੇ ਸਿੱਖ ਬੁੱਧੀਜੀਵੀਆਂ ਦੀ ਇਕ ਵਿਸ਼ੇਸ਼ ਬੈਠਕ ਕੀਤੀ ਗਈ।

ਇਸ ਇਕੱਤਰਤਾ ਵਿਚ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਸੁਖਵਰਸ਼ ਸਿੰਘ ਪੰਨੂੰ, ਸ. ਰਾਮਪਾਲ ਸਿੰਘ ਬਹਿਣੀਵਾਲ, ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਦਿਲਜੀਤ ਸਿੰਘ ਬੇਦੀ, ਪ੍ਰਸਿੱਧ ਸਿੱਖ ਵਿਦਵਾਨ ਡਾ. ਬਲਕਾਰ ਸਿੰਘ, ਖ਼ਾਲਸਾ ਕਾਲਜ ਪਟਿਆਲਾ ਦੇ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ, ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਬਹਾਦਰਗੜ੍ਹ ਪਟਿਆਲਾ ਦੇ ਡਾਇਰੈਕਟਰ ਡਾ. ਚਮਕੌਰ ਸਿੰਘ, ਮਾਤਾ ਗੁਜਰੀ ਕਾਲਜ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਸ਼ਾਮਲ ਹੋਏ।

ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਦੱਸਿਆ ਕਿ ਇਹ ਸੈਮੀਨਾਰ ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਅਸਥਾਨ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਸਮੇਤ ਭਾਰਤ ਦੇ ਵੱਖ-ਵੱਖ ਸ਼ਹਿਰਾਂ ਵਿਚ ਹੋਣਗੇ। ਉਨ੍ਹਾਂ ਦੱਸਿਆ ਕਿ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਅਨੁਸਾਰ ਸੈਮੀਨਾਰਾਂ ਦੀ ਅਕਾਦਮਿਕ ਰੂਪ-ਰੇਖਾ ਲਈ ਡਾ. ਚਮਕੌਰ ਸਿੰਘ ਦੀ ਡਿਊਟੀ ਲਗਾਈ ਗਈ ਹੈ, ਜੋ ਸੈਮੀਨਾਰਾਂ ਦੌਰਾਨ ਪੜ੍ਹੇ ਜਾਣ ਵਾਲੇ ਪਰਚਿਆਂ ਲਈ ਵਿਦਵਾਨਾਂ, ਪਰਚਿਆਂ ਦੇ ਵਿਸ਼ਿਆਂ ਆਦਿ ਲਈ ਕਾਰਜ ਕਰਨਗੇ।



23 ਜੁਲਾਈ ਨੂੰ ਬਾਬਾ ਅਮਰ ਸਿੰਘ ਜੀ ਕਿਰਤੀ ਦੀ ਯਾਦ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਪਿੰਡ ਫੱਤਾ ਮਾਲੋਕਾ (ਮਾਨਸਾ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਦੌਰਾਨ 107 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।



ਗੁਰਦੁਆਰਾ ਸਾਹਿਬ ਪਿੰਡ ਸਾਜਲੀ ਵਿਖੇ ਬੱਚਿਆਂ ਦੇ ਲਗਾਏ ਗਏ ਗੁਰਮਤਿ ਕੈਂਪ ਦੀ ਸਮਾਪਤੀ ਸਮੇਂ ਬੱਚਿਆਂ ਨੂੰ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।

# ਸ਼੍ਰੋਮਣੀ ਕਮੇਟੀ ਹਲਕਾ ਬਟਾਲਾ ਦੇ ਕਸਬਾ ਕਾਦੀਆਂ ਵਿੱਚ ਨਸ਼ਿਆਂ ਖ਼ਿਲਾਫ ਚੇਤਨਾ ਮਾਰਚ




ਕਾਦੀਆਂ -ਪੰਜਾਬ ਅੰਦਰ ਨਸ਼ਿਆਂ ਦੇ ਵੱਧ ਰਹੇ ਰੁਝਾਨ ਤੇ ਨੌਜਵਾਨਾਂ ਦੀਆਂ ਹੋ ਰਹੀਆਂ ਮੌਤਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵਲੋਂ ਪਿੰਡ ਪੱਧਰ 'ਤੇ ਨਸ਼ਿਆਂ ਖ਼ਿਲਾਫ਼ ਚੇਤਨਾ ਮਾਰਚ ਕੱਢੇ ਜਾਣ ਦੀ ਪ੍ਰੇਰਨਾ ਕੀਤੀ ਗਈ ਹੈ। ਇਸੇ ਤਹਿਤ ਸ਼੍ਰੋਮਣੀ ਕਮੇਟੀ ਹਲਕਾ ਬਟਾਲਾ ਤੋਂ ਧਾਰਮਿਕ ਨੁਮਾਇੰਦਗੀ ਕਰ ਰਹੇ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਕਮੇਟੀ ਦੀ ਅਗਵਾਈ ਹੇਠ ਕਸਬਾ ਕਾਦੀਆਂ ਤੋਂ ਨਸ਼ਿਆਂ ਖਿਲਾਫ ਇਕ ਚੇਤਨਾ ਮਾਰਚ ਕੱਢਿਆ ਗਿਆ। ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਰੇਲਵੇ ਰੋਡ ਕਾਦੀਆਂ ਤੋਂ ਭਾਈ ਬਲਵਿੰਦਰ ਸਿੰਘ ਖੁਜਾਲਾ ਗ੍ਰੰਥੀ ਗੁਰਦੁਆਰਾ ਸਤਿਕਰਤਾਰੀਆਂ ਵਲੋਂ ਅਰਦਾਸ ਤੇ ਹੁਕਮਨਾਮੇ ਉਪਰੰਤ ਨਸ਼ਾ ਛੱਡੋ ਚੇਤਨਾ ਮਾਰਚ ਆਰੰਭ ਕਰਵਾਇਆ। ਕਸਬਾ ਕਾਦੀਆਂ ਦੇ ਮੇਨ ਬਾਜ਼ਾਰ ਬੁੱਟਰ ਚੌਂਕ, ਪ੍ਰਭਾਕਰ ਚੌਂਕ, ਬੱਸ ਸਟੈਂਡ ਤੋਂ ਹੁੰਦੇ ਗੁਰਦੁਆਰਾ ਸਿੰਘ ਸਭਾ ਕਾਦੀਆਂ ਵਿਖੇ ਚੇਤਨਾ ਮਾਰਚ ਦੀ ਸਮਾਪਤੀ ਹੋਈ। ਚੇਤਨਾ ਮਾਰਚ 'ਚ ਨਗਰ ਕੌਂਸਲ ਪ੍ਰਧਾਨ ਸ. ਜਰਨੈਲ ਸਿੰਘ ਮਾਹਲ, ਡਾ. ਬਲਚਰਨਜੀਤ ਸਿੰਘ ਭਾਟੀਆ, ਸ. ਗੁਰਤਿੰਦਰਪਾਲ ਸਿੰਘ ਮਾਂਟੂ ਮੈਨੇਜਰ ਗੁਰਦੁਆਰਾ ਕੰਦ ਸਾਹਿਬ, ਸ. ਸੁਖਪ੍ਰੀਤ ਸਿੰਘ ਸੈਣੀ, ਸ੍ਰੀ ਹਰਿੰਦਰ ਪ੍ਰਭਾਕਰ, ਵਰਿੰਦਰ ਖੋਸਲਾ, ਭਾਈ ਮਨਜੀਤ ਸਿੰਘ, ਸ. ਚਰਨਜੀਤ ਸਿੰਘ, ਸ. ਸੁਖਵਿੰਦਰ ਸਿੰਘ ਸੁੱਖ, ਸ. ਗਗਨਦੀਪ ਸਿੰਘ ਭਾਟੀਆ, ਵਿਜੇ ਕੁਮਾਰ, ਸ. ਹਰਦੀਪ ਸਿੰਘ ਬੁੱਟਰ, ਕੈਪਟਨ ਚਰਨਜੀਤ ਸਿੰਘ ਹਾਜ਼ਰ ਸਨ।



ਸਿੱਖ ਮਿਸ਼ਨ ਗੁਜਰਾਤ ਦੇ ਇੰਚਾਰਜ ਭਾਈ ਪਰਮਜੀਤ ਸਿੰਘ, ਪ੍ਰਚਾਰਕ ਭਾਈ ਸ਼ਿਵਤਾਰ ਸਿੰਘ, ਸਥਾਨਕ ਸਿੱਖ ਆਗੂ ਬਾਬਾ ਲੱਖਾ ਸਿੰਘ, ਬੀਬੀ ਪਰਮਜੀਤ ਕੌਰ, ਸ. ਈਸ਼ਰ ਸਿੰਘ, ਸ. ਦਵਿੰਦਰ ਸਿੰਘ, ਸ. ਜੁਗਰਾਜ ਸਿੰਘ ਰਾਜਕੋਟ ਆਦਿ ਵੱਲੋਂ ਵਫਦ ਦੇ ਰੂਪ ਵਿਚ ਗੁਜਰਾਤ ਦੇ ਮੁੱਖ ਮੰਤਰੀ ਸ੍ਰੀ ਵਿਜੇ ਭਾਈ ਰੁਪਾਨੀ ਨੂੰ ਉਨ੍ਹਾਂ ਦੇ ਦਫਤਰ ਵਿਖੇ ਮਿਲ ਕੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਸਾਲਾ ਪ੍ਰਕਾਸ਼ ਪੁਰਬ ਨੂੰ ਵੱਡੇ ਪੱਧਰ 'ਤੇ ਮਨਾਉਣ ਸਬੰਧੀ ਵਿਚਾਰ-ਚਰਚਾ ਕੀਤੀ ਗਈ।

# ਸ਼੍ਰੋਮਣੀ ਕਮੇਟੀ ਹਲਕਾ ਡੇਰਾ ਬਾਬਾ ਨਾਨਕ ਵਿਖੇ ਨਸ਼ਿਆਂ ਖਿਲਾਫ ਚੇਤਨਾ ਮਾਰਚ




ਡੇਰਾ ਬਾਬਾ ਨਾਨਕ- ਪੰਜਾਬ ਵਿੱਚ ਵਹਿ ਰਹੇ ਨਸ਼ਿਆਂ ਦੇ ਖ਼ਿਲਾਫ਼ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਹੁਕਮ ਅਨੁਸਾਰ ਪੰਥ ਦੀ ਸਿਰਮੌਰ ਜਥੇਬੰਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮਾਨਯੋਗ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਹਲਕਾ ਡੇਰਾ ਬਾਬਾ ਨਾਨਕ ਦੇ ਨੌਜਵਾਨ ਆਗੂ ਭਾਈ ਸੁਖਵਿੰਦਰ ਸਿੰਘ ਅਗਵਾਨ ਅਤੇ ਬੀਬੀ ਜੋਗਿੰਦਰ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਦੀ ਅਗਵਾਈ ਵਿੱਚ ਕਸਬਾ ਡੇਰਾ ਬਾਬਾ ਨਾਨਕ ਵਿਖੇ ਇਕ ਚੇਤਨਾ ਮਾਰਚ ਕੱਢਿਆ ਗਿਆ। ਇਹ ਚੇਤਨਾ ਮਾਰਚ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਤੋਂ ਆਰੰਭ ਹੋ ਕੇ ਵੱਖ-ਵੱਖ ਬਜ਼ਾਰਾਂ ਵਿੱਚ ਦੀ ਹੁੰਦਾ ਹੋਇਆ ਐਸ.ਡੀ.ਐਮ ਦਫ਼ਤਰ ਡੇਰਾ ਬਾਬਾ ਨਾਨਕ ਵਿਖੇ ਪੁੱਜਿਆ, ਜਿਥੇ ਤਹਿਸੀਲਦਾਰ ਨੂੰ ਨਸ਼ਿਆਂ ਦੀ ਰੋਕਥਾਮ ਲਈ ਮੰਗ ਪੱਤਰ ਦਿੱਤਾ ਗਿਆ। ਇਸ ਚੇਤਨਾ ਮਾਰਚ ਵਿਚ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਦਾ ਸਟਾਫ, ਗੁਰੂ ਨਾਨਕ ਗੁਰਮਤਿ ਸਿਖਲਾਈ ਵਿਦਿਆਲਾ ਦੇ ਸਮੂਹ ਵਿਦਿਆਰਥੀ ਅਤੇ ਸਟਾਫ ਅਤੇ ਇਲਾਕੇ ਦੇ ਮੋਹਤਬਰ ਸਿੰਘਾਂ, ਪੰਚਾਂ ਸਰਪੰਚਾਂ ਸਮੇਤ ਬੇਅੰਤ ਸੰਗਤਾਂ ਨੇ ਹਾਜ਼ਰੀ ਭਰੀ।

ਇਸ ਚੇਤਨਾ ਮਾਰਚ ਵਿੱਚ ਮਾਸਟਰ ਚਰਨਜੀਤ ਸਿੰਘ ਪ੍ਰਧਾਨ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਡੇਰਾ ਬਾਬਾ ਨਾਨਕ, ਕੈਪਟਨ ਫਕੀਰ ਸਿੰਘ ਸ਼ਾਹਪੁਰ ਗੁਰਾਇਆ, ਸ. ਹਰਿੰਦਰਪਾਲ ਸਿੰਘ ਗੋਰਾ, ਸ. ਗੁਰਦੇਵ ਸਿੰਘ ਮਾਨ ਮੈਨੇਜਰ ਸ੍ਰੀ ਦਰਬਾਰ ਸਾਹਿਬ, ਪ੍ਰਚਾਰਕ ਭਾਈ ਜਗਦੀਪ ਸਿੰਘ ਤੇ ਭਾਈ ਹਿੰਮਤਬੀਰ ਸਿੰਘ ਨੇ ਆਈਆਂ ਹੋਈਆਂ ਸੰਗਤਾਂ ਨੂੰ ਸੰਬੋਧਨ ਕੀਤਾ।

# ਭਾਈ ਲੌਂਗੋਵਾਲ ਨੇ ਇਤਿਹਾਸਕ ਗੁਰਦੁਆਰਿਆਂ ਦੇ ਮੈਨੇਜਰਾਂ ਨਾਲ ਪ੍ਰਬੰਧਾਂ ਸਬੰਧੀ ਕੀਤੀ ਇਕੱਤਰਤਾ

## ਗੁਰੂ ਘਰਾਂ ਦੀਆਂ ਵਧੀਆ ਸੇਵਾਵਾਂ ਨਿਭਾਉਣ ਵਾਲੇ ਮੈਨੇਜਰ ਹੋਣਗੇ ਸਨਮਾਨਿਤ-ਭਾਈ ਲੌਂਗੋਵਾਲ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ ਦੀ ਇਕ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁਰੂ ਘਰਾਂ ਵਿਚ ਸੇਵਾ ਨਿਭਾਉਣ ਵਾਲੇ ਮੈਨੇਜਰ ਆਪਣੇ ਫ਼ਰਜ਼ਾਂ ਪ੍ਰਤੀ ਸੁਚੇਤ ਹੋਣ ਅਤੇ ਪ੍ਰਬੰਧਕੀ ਸੇਵਾਵਾਂ ਜ਼ੁੰਮੇਵਾਰੀ ਨਾਲ ਨਿਭਾਉਣ। ਉਨ੍ਹਾਂ ਕਿਹਾ ਕਿ ਡਿਊਟੀ ਵਿਚ ਕੌਤਾਹੀ ਕਰਨ ਵਾਲੇ ਮੁਲਾਜ਼ਮ ਬਖ਼ਸ਼ੇ ਨਹੀਂ ਜਾਣਗੇ ਜਦਕਿ ਬੇਹਤਰ ਸੇਵਾਵਾਂ ਨਿਭਾਉਣ ਵਾਲੇ ਮੈਨੇਜਰਾਂ ਨੂੰ ਸਨਮਾਨਿਤ ਕੀਤਾ ਜਾਵੇਗਾ। ਉਨ੍ਹਾਂ ਸਪੱਸ਼ਟ ਤੌਰ 'ਤੇ ਕਿਹਾ ਕਿ ਗੁਰੂ ਘਰਾਂ ਦੇ ਮੈਨੇਜਰਾਂ ਦੀ ਜ਼ੁੰਮੇਵਾਰੀ ਸਿੱਧੇ ਤੌਰ'ਤੇ ਸੰਗਤਾਂ ਨਾਲ ਜੁੜੀ ਹੋਈ ਹੈ ਇਸ ਲਈ ਉਨ੍ਹਾਂ ਦਾ ਕਿਰਦਾਰ, ਵਿਹਾਰ ਗੁਰਮਤਿ ਰਹਿਣੀ ਅਨੁਸਾਰ ਹੋਣਾ ਜ਼ਰੂਰੀ ਹੈ। ਭਾਈ ਲੌਂਗੋਵਾਲ ਨੇ ਮੈਨੇਜਰਾਂ ਨੂੰ ਗੁਰੂ ਘਰਾਂ ਅੰਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ ਸਤਿਕਾਰ ਪ੍ਰਤੀ ਚੇਤੰਨ ਹੋਣ ਦੇ ਨਾਲ-ਨਾਲ ਸਾਫ਼ ਸਫ਼ਾਈ ਅਤੇ ਵਾਤਾਵਰਣ ਦੀ ਸ਼ੁੱਧਤਾ ਵੱਲ ਵਿਸ਼ੇਸ਼ ਧਿਆਨ ਦੇਣ ਲਈ ਵੀ ਕਿਹਾ। ਇਸ ਦੇ ਨਾਲ ਹੀ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਮੈਨੇਜਰਾਂ ਨੂੰ ਪ੍ਰੇਰਣਾ ਕੀਤੀ ਕਿ ਉਹ ਗੁਰਬਾਣੀ ਦਾ ਅਧਿਐਨ ਅਤੇ ਸਿੱਖ ਇਤਿਹਾਸ ਤੇ ਗੁਰਮਤਿ ਰਹਿਣੀ ਨਾਲ ਸਬੰਧਤ ਸਾਹਿਤ ਦਾ ਅਧਿਐਨ ਕਰਨ ਦੀ ਰੁਚੀ ਪੈਦਾ ਕਰਨ ਤਾਂ ਜੋ ਸੰਗਤਾਂ ਵੱਲੋਂ ਸਿੱਖ ਧਰਮ ਨਾਲ ਸਬੰਧਤ ਪੁੱਛੇ ਜਾਂਦੇ ਸਵਾਲਾਂ ਦਾ ਜਵਾਬ ਦਿੱਤਾ ਜਾ ਸਕੇ। ਉਨ੍ਹਾਂ ਕਿਹਾ ਕਿ ਗੁਰੂ ਘਰਾਂ ਦੇ ਮੈਨੇਜਰ ਪ੍ਰਬੰਧਕ ਹੋਣ ਦੇ ਨਾਲ-ਨਾਲ ਇਕ ਪ੍ਰਚਾਰਕ ਦੇ ਫ਼ਰਜ਼ ਵੀ ਨਿਭਾਉਣ।

ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਗੁਰੂ ਘਰਾਂ ਅੰਦਰ ਸੇਵਾ ਨਿਭਾਉਣ ਵਾਲੇ ਮੈਨੇਜਰਾਂ ਲਈ ਜ਼ੁੰਮੇਵਾਰੀ ਦੇ ਚੇਤੰਨਤਾ ਦਾ ਅਹਿਸਾਸ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਬਹੁਤ ਸਾਰੇ ਗੁਰੂ ਘਰਾਂ ਅੰਦਰ ਇਤਿਹਾਸਕ ਨਿਸ਼ਾਨੀਆਂ ਮੌਜੂਦ ਹਨ, ਇਸ ਲਈ ਮੈਨੇਜਰ ਇਸ ਅਨਮੋਲ ਖ਼ਜ਼ਾਨੇ ਦੀ ਸੁਚੱਜੀ ਸਾਂਭ-ਸੰਭਾਲ ਲਈ ਜਾਗਰੂਕ ਹੋਣ। ਡਾ. ਰੂਪ ਸਿੰਘ ਨੇ ਕਿਹਾ ਕਿ ਗੁਰਦੁਆਰਾ ਸਾਹਿਬਾਨ ਕੇਵਲ ਪ੍ਰਬੰਧ ਦਾ ਅਸਥਾਨ ਹੀ ਨਹੀਂ ਹਨ, ਸਗੋਂ ਇਹ ਗੁਰਮਤਿ ਰਹਿਣੀ ਦੀ ਚੇਤਨਾ ਅਤੇ ਪ੍ਰਚਾਰ ਦਾ ਮੁੱਖ ਕੇਂਦਰ ਵੀ ਹਨ। ਉਨ੍ਹਾਂ ਕਿਹਾ ਕਿ ਗ੍ਰੰਥੀ ਤੇ ਕਥਾਵਾਚਕਾਂ ਦੇ ਨਾਲ-ਨਾਲ ਗੁਰੂ ਘਰਾਂ ਅੰਦਰ ਸੇਵਾ ਨਿਭਾਉਣ ਵਾਲਾ ਹਰ ਮੁਲਾਜ਼ਮ ਧਰਮ ਪ੍ਰਚਾਰ ਦਾ ਕਾਰਜ ਕਰੇ। ਇਸ ਦੌਰਾਨ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਵੀ ਸੰਬੋਧਨ ਕੀਤਾ ਅਤੇ ਮੈਨੇਜਰਾਂ ਨੂੰ ਨੇਕ-ਨੀਅਤੀ ਨਾਲ ਸੇਵਾ ਨਿਭਾਉਣ ਦੀ ਪ੍ਰੇਰਣਾ ਕੀਤੀ।

ਇਸ ਮੌਕੇ ਮੁੱਖ ਸਕੱਤਰ ਡਾ. ਰੂਪ ਸਿੰਘ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੋਂ ਇਲਾਵਾ ਸ. ਜਗਜੀਤ ਸਿੰਘ ਜੱਗੀ ਨਿੱਜੀ ਸਕੱਤਰ ਪ੍ਰਧਾਨ ਸਾਹਿਬ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਮਲਕੀਤ ਸਿੰਘ ਬਹਿੜਵਾਲ, ਸ. ਦਰਸ਼ਨ ਸਿੰਘ ਪੀ.ਏ. ਸਮੇਤ ਵੱਖ-ਵੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਮੈਨੇਜਰ ਮੌਜੂਦ ਸਨ।

# ਬਾਬਾ ਬੀਰ ਸਿੰਘ ਨੌਰੰਗਾਬਾਦੀ ਦੇ 250ਵੇਂ ਜਨਮ ਦਿਹਾੜੇ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ਾਲ ਗੁਰਮਤਿ ਸਮਾਗਮ

## ਕੌਮ ਨੂੰ ਭਰਾ ਮਾਰੂ ਜੰਗ ਤੋਂ ਬਚਣ ਦੀ ਪ੍ਰੇਰਨਾ ਦਿੰਦਾ ਹੈ ਬਾਬਾ ਬੀਰ ਸਿੰਘ ਜੀ ਦਾ ਜੀਵਨ -ਗਿਆਨੀ ਗੁਰਬਚਨ ਸਿੰਘ




ਖੇਮਕਰਨ (ਤਰਨ ਤਾਰਨ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੂਰਬੀਰ ਯੋਧੇ ਬਾਬਾ ਬੀਰ ਸਿੰਘ ਨੌਰੰਗਾਬਾਦੀ ਦੇ 250ਵੇਂ ਜਨਮ ਦਿਹਾੜੇ ਮੌਕੇ ਵਿਸ਼ੇਸ਼ ਗੁਰਮਤਿ ਸਮਾਗਮ ਗੁਰਦੁਆਰਾ ਬਾਬਾ ਬੀਰ ਸਿੰਘ ਰੱਤੋਕੇ (ਤਰਨ ਤਾਰਨ) ਵਿਖੇ ਸ਼ਰਧਾ ਤੇ ਸਤਿਕਾਰ ਨਾਲ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ ਭੂਰਾਕੋਹਨਾ, ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ, ਬਾਬਾ ਅਵਤਾਰ ਸਿੰਘ ਘਰਿਆਲਾ, ਬਾਬਾ ਅਵਤਾਰ ਸਿੰਘ ਸੁਰਸਿੰਘ ਅਤੇ ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਕਿਹਾ ਕਿ ਬਾਬਾ ਬੀਰ ਸਿੰਘ ਨੌਰੰਗਾਬਾਦੀ ਸਿੱਖ ਕੌਮ ਦੇ ਉਹ ਮਹਾਨ ਯੋਧੇ ਸਨ, ਜਿਨ੍ਹਾਂ ਨੇ ਕੌਮ ਨੂੰ ਭਰਾ ਮਾਰੂ ਜੰਗ ਤੋਂ ਬਚਾਉਣ ਲਈ ਆਪਣੀ ਸ਼ਹਾਦਤ ਦੇ ਕੇ ਕੌਮ ਲਈ ਪੂਰਨੇ ਪਾਏ। ਉਨ੍ਹਾਂ ਸੰਗਤਾਂ ਨੂੰ ਬਾਬਾ ਜੀ ਦੇ ਜੀਵਨ ਤੋਂ ਸੇਧ ਪ੍ਰਾਪਤ ਕਰਕੇ ਅਜੋਕੇ ਸਮੇਂ ਕੌਮ ਨੂੰ ਦਰਪੇਸ਼ ਚੁਣੌਤੀਆਂ ਦਾ ਮੁਕਾਬਲਾ ਕਰਨ ਲਈ ਇਕਜੁੱਟ ਹੋਣ ਦੀ ਅਪੀਲ ਕੀਤੀ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਬਾਬਾ ਬੀਰ ਸਿੰਘ ਦੇ ਜੀਵਨ ਤੋਂ ਸ਼ਰਨ ਆਇਆਂ ਦੀ ਹਿਫਾਜ਼ਤ ਕਰਨ ਦੀ ਪ੍ਰੇਰਣਾ ਮਿਲਦੀ ਹੈ। ਉਨ੍ਹਾਂ ਕਿਹਾ ਕਿ ਬਾਬਾ ਜੀ ਦਾ ਜੀਵਨ ਕੌਮ ਲਈ ਮਾਰਗ ਦਰਸ਼ਨ ਹੈ, ਜਿਸ ਤੋਂ ਨੌਜੁਆਨੀ ਨੂੰ ਪ੍ਰੇਰਣਾ ਲੈਣੀ ਚਾਹੀਦੀ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਪੁੱਜੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ ਨੇ ਸੰਤ ਸਿਪਾਹੀ ਬਾਬਾ ਬੀਰ ਸਿੰਘ ਨੌਰੰਗਾਬਾਦੀ ਦੇ 250ਵੇਂ ਜਨਮ ਦਿਹਾੜੇ ਦੀ ਮੁਬਾਰਕਬਾਦ ਦਿੰਦਿਆਂ ਸੰਗਤਾਂ ਨੂੰ ਬਾਣੀ ਤੇ ਬਾਣੇ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਮਨਜੀਤ ਸਿੰਘ ਭੂਰਾਕੋਹਨਾ ਨੇ ਵੀ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ ਬਾਬਾ ਬੀਰ ਸਿੰਘ ਜੀ ਨੌਰੰਗਾਬਾਦੀ ਦੇ ਸ਼ਾਨਾਮੱਤੇ ਇਤਿਹਾਸ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ।

ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ, ਬਾਬਾ ਅਵਤਾਰ ਸਿੰਘ ਘਰਿਆਲਾ, ਸ. ਗੌਰਵਦੀਪ ਸਿੰਘ ਵਲਟੋਹਾ ਅਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਸਾਂਝੇ ਤੌਰ 'ਤੇ ਗਿਆਨੀ ਗੁਰਬਚਨ ਸਿੰਘ ਅਤੇ ਗਿਆਨੀ ਰਘਬੀਰ ਸਿੰਘ ਸਨਮਾਨਿਤ ਕੀਤਾ। ਇਸ ਤੋਂ ਇਲਾਵਾ ਆਈਆਂ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਦਾ ਵੀ ਸਨਮਾਨ ਕੀਤਾ ਗਿਆ। ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਰਾਏ ਸਿੰਘ ਅਤੇ ਭਾਈ ਜਸਪਿੰਦਰ ਸਿੰਘ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ ਅਤੇ ਕਥਾਵਾਚਕ ਭਾਈ ਬਲਦੇਵ ਸਿੰਘ ਪਾਉਂਟਾ ਸਾਹਿਬ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਸਮਾਗਮ ਦੌਰਾਨ ਕੌਮ ਦੇ ਪ੍ਰਸਿੱਧ ਢਾਡੀ ਤੇ ਕਵੀਸ਼ਰ ਜਥਿਆਂ ਨੇ ਵੀ ਸੰਗਤਾਂ ਨੂੰ ਇਤਿਹਾਸ ਨਾਲ ਜੋੜਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਮੈਂਬਰ ਭਾਈ ਮਨਜੀਤ ਸਿੰਘ, ਬਾਬਾ ਅਵਤਾਰ ਸਿੰਘ ਘਰਿਆਲਾ, ਬਾਬਾ ਅਵਤਾਰ ਸਿੰਘ ਸੁਰਸਿੰਘ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸੁਖਦੇਵ ਸਿੰਘ ਭੂਰਾਕੋਹਨਾ, ਸ. ਹਰਭਜਨ ਸਿੰਘ ਮਨਾਵਾਂ, ਸ. ਗੌਰਵਦੀਪ ਸਿੰਘ ਵਲਟੋਹਾ, ਸ. ਦਲਜੀਤ ਸਿੰਘ ਅਮਰਕੋਟ, ਬਾਬਾ ਮੌਜੀ ਦਾਸ ਮਾੜੀ ਕੰਬੋਕੇ, ਬਾਬਾ ਬਲਵਿੰਦਰ ਸਿੰਘ, ਬਾਬਾ ਹਰਸ਼ਰਨ ਦਾਸ ਜੀ, ਬਾਬਾ ਸੁਖਦੇਵ ਸਿੰਘ ਗੁਪਤਸਰ ਵਾਲੇ, ਬਾਬਾ ਦਿਲਬਾਗ ਸਿੰਘ ਆਰਫਕੇ, ਮੈਨੇਜਰ ਸ. ਧਰਮਿੰਦਰ ਸਿੰਘ ਮਾਨੋਚਾਹਲ, ਸ. ਅਮਰੀਕ ਸਿੰਘ ਜੋਧਪੁਰੀ, ਸ. ਸ਼ਮਸ਼ੇਰ ਸਿੰਘ, ਭਾਈ ਜਗਦੇਵ ਸਿੰਘ ਹੈੱਡ ਪ੍ਰਚਾਰਕ, ਭਾਈ ਹੀਰਾ ਸਿੰਘ ਮਨਿਹਾਲਾ, ਭਾਈ ਗੁਰਬਚਨ ਸਿੰਘ ਕਲਸੀਆ, ਭਾਈ ਲਖਬੀਰ ਸਿੰਘ, ਭਾਈ ਮੱਸਾ ਸਿੰਘ ਕਵੀਸ਼ਰ, ਭਾਈ ਜਸਬੀਰ ਸਿੰਘ ਵਲਟੋਹਾ, ਭਾਈ ਗੁਰਿੰਦਰ ਸਿੰਘ ਬੈਂਕਾ ਕਵੀਸ਼ਰ ਸਮੇਤ ਸੰਗਤਾਂ ਹਾਜ਼ਰ ਸਨ।

ਪਿੰਡ ਬੰਬੀਹਾ ਵਿਖੇ ਹਲਕਾ ਬੱਲੂਆਣਾ ਤੋਂ ਮੈਂਬਰ ਸ਼੍ਰੋਮਣੀ ਕਮੇਟੀ ਭਾਈ ਅਮਰੀਕ ਸਿੰਘ ਕੋਟਸ਼ਮੀਰ ਦੇ ਯਤਨਾਂ ਸਦਕਾ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 26 ਪ੍ਰਾਣੀ ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੇ।



# ਵੱਖ–ਵੱਖ ਪਿੰਡਾਂ ਵਿਚ ਬੱਚਿਆਂ ਦੇ ਲਗਾਏ ਗਏ ਗੁਰਮਤਿ ਸਿਖਲਾਈ ਕੈਂਪਾਂ ਦੇ ਦ੍ਰਿਸ਼



ਪਿੰਡ ਮੱਘਰ ਸਿੰਘ ਵਾਲਾ ਹਲਕਾ ਜਲਾਲਾਬਾਦ ਵਿਖੇ ਲਗਾਏ ਗਏ ਗੁਰਮਤਿ ਕੈਂਪ ਸਮੇਂ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਜਥੇਦਾਰ ਦਰਸ਼ਨ ਸਿੰਘ ਮੈਂਬਰ ਸ਼੍ਰੋਮਣੀ ਕਮੇਟੀ, ਪ੍ਰਚਾਰਕ ਭਾਈ ਸੁਰਜੀਤ ਸਿੰਘ, ਭਾਈ ਸੁਖਬੀਰ ਸਿੰਘ ਤੇ ਕਵੀਸ਼ਰ ਭਾਈ ਰੇਸ਼ਮ ਸਿੰਘ।



ਸ੍ਰੀ ਗੋਇੰਦਵਾਲ ਸਾਹਿਬ ਵਿਖੇ ਲਗਾਏ ਗੁਰਮਤਿ ਕੈਂਪ ਦੀ ਸਮਾਪਤੀ ਮੌਕੇ ਬੱਚਿਆਂ ਨੂੰ ਸਨਾਮਨਿਤ ਕਰਨ ਸਮੇਂ ਜੱਥੇਦਾਰ ਬਲਵਿੰਦਰ ਸਿੰਘ ਵੇਈਂਪੂਈਂ ਮੈਂਬਰ ਸ਼੍ਰੋਮਣੀ ਕਮੇਟੀ, ਭਾਈ ਸੁਖਬੀਰ ਸਿੰਘ ਤੇ ਭਾਈ ਲਖਵਿੰਦਰ ਸਿੰਘ।



27 ਜੂਨ ਨੂੰ ਪਿੰਡ ਡੱਲਾ ਹਲਕਾ ਨਕੋਦਰ ਵਿਖੇ ਗੁਰਮਤਿ ਕੈਂਪ ਦੀ ਸਮਾਪਤੀ ਮੌਕੇ ਬੱਚਿਆਂ ਨੂੰ ਸਨਮਾਨਿਤ ਕਰਨ ਸਮੇਂ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆ, ਭਾਈ ਪਰਮਜੀਤ ਸਿੰਘ, ਭਾਈ ਜਸਵਿੰਦਰ ਸਿੰਘ ਤੇ ਹੋਰ।



ਹਲਕਾ ਨੌਸ਼ਹਿਰਾ ਪੰਨੂੰਆਂ ਦੇ ਪਿੰਡ ਚੱਕ ਮਹਿਰ ਵਿਖੇ ਲਗਾਏ ਗਏ ਗੁਰਮਤਿ ਸਮਰ ਕੈਂਪ ਦੀ ਸਮਾਪਤੀ ਸਮੇਂ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ ਅਤੇ ਹੋਰ।



ਸ਼੍ਰੋਮਣੀ ਕਮੇਟੀ ਮੈਂਬਰ ਬਾਬਾ ਗੁਰਮੀਤ ਸਿੰਘ ਦੇ ਯਤਨਾਂ ਸਦਕਾ ਪਿੰਡ ਤਿਰਲੋਕੇਵਾਲਾ ਵਿਖੇ ਲਗਾਏ ਗਏ ਗੁਰਮਤਿ ਕੈਂਪ ਵਿਚ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਬੱਚਿਆਂ ਨੂੰ ਸਨਮਾਨਿਤ ਕਰਨ ਸਮੇਂ।



ਪਿੰਡ ਪੱਖੀ ਕਲਾ ਜ਼ਿਲ੍ਹਾ ਫਰੀਦਕੋਟ ਵਿਖੇ ਜੱਥੇਦਾਰ ਲਖਬੀਰ ਸਿੰਘ ਅਰਾਈਆਵਾਲਾ ਦੇ ਯਤਨਾਂ ਸਦਕਾ ਬੱਚਿਆਂ ਲਈ ਵਿਸ਼ੇਸ਼ ਗੁਰਮਤਿ ਸਿਖਲਾਈ ਕੈਂਪ ਦਾ ਆਯੋਜਨ ਕੀਤਾ ਗਿਆ।



ਸੁਲਤਾਨਪੁਰਲੋਧੀ ਤੇ ਡਡਵਿੰਡੀ ਦੇ ਸਕੂਲਾਂ ਵਿਚ ਪ੍ਰਚਾਰਕ ਭਾਈ ਹਰਜੀਤ ਸਿੰਘ ਵੱਲੋਂ ਬੱਚਿਆਂ ਨੂੰ ਗੁਰਮਤਿ ਦੀ ਜਾਣਕਾਰੀ ਦਿੱਤੀ ਗਈ।



ਸੁਲਤਾਨਵਿੰਡ ਪਿੰਡ ਵਿਖੇ ਲਗਾਏ ਗਏ ਗੁਰਮਤਿ ਕੈਂਪ ਦੌਰਾਨ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਭਾਈ ਸੁਰਜੀਤ ਸਿੰਘ ਸਭਰਾ ਇੰਚਾਰਜ, ਭਾਈ ਇੰਦਰਜੀਤ ਸਿੰਘ ਤੇ ਭਾਈ ਖਜਾਨ ਸਿੰਘ ਪ੍ਰਚਾਰਕ



ਹਲਕਾ ਬਟਾਲਾ ਦੇ ਪਿੰਡ ਨਠਵਾਲ ਵਿਖੇ ਲਗਾਏ ਗਏ ਗੁਰਬਾਣੀ ਤੇ ਗੁਰਮਤਿ ਕੈਂਪ ਸਮੇਂ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਕਮੇਟੀ, ਭਾਈ ਬਲਵੰਤ ਸਿੰਘ ਢੱਡਾ, ਭਾਈ ਬਲਵੰਤ ਸਿੰਘ ਐਨਕੋਟ ਤੇ ਭਾਈ ਸਿਮਰਨਜੀਤ ਸਿੰਘ ਪ੍ਰਚਾਰਕ।



ਹਲਕਾ ਬਾਬਾ ਬਕਾਲਾ ਸਾਹਿਬ ਦੇ ਪਿੰਡ ਜੋਧੇ ਅਤੇ ਹਲਕਾ ਸ੍ਰੀ ਹਰਿਗੋਬਿੰਦਪੁਰ ਦੇ ਪਿੰਡ ਬੁਢਿਆਵਾਲੀ ਵਿਖੇ ਲਗਾਏ ਗੁਰਮਤਿ ਸਮਰ ਕੈਂਪ ਦੌਰਾਨ ਬੱਚਿਆਂ ਨਾਲ ਭਾਈ ਜਸਪਾਲ ਸਿੰਘ, ਭਾਈ ਗੁਰਭੇਜ ਸਿੰਘ ਤੇ ਹੋਰ।



ਹਲਕਾ ਬਟਾਲਾ ਦੇ ਪਿੰਡ ਡੱਲਾ ਵਿਖੇ ਗੁਰਮਤਿ ਕੈਂਪ ਦੀ ਸਮਾਪਤੀ ਸਮੇਂ ਬੱਚਿਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕਰਦੇ ਹੋਏ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਅਤੇ ਪ੍ਰਚਾਰਕ ਸਾਹਿਬਾਨ।



ਗੁਰਦੁਆਰਾ ਬੁਰਜ ਸਾਹਿਬ ਧਾਰੀਵਾਲ ਵਿਖੇ 10 ਰੋਜ਼ਾ ਗੁਰਮਤਿ ਸਮਰ ਕੈਂਪ ਦੀ ਸਮਾਪਤੀ ਸਮੇਂ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਬੀਬੀ ਜਸਬੀਰ ਕੌਰ ਜਫਰਵਾਲ ਮੈਂਬਰ ਸ਼੍ਰੋਮਣੀ ਕਮੇਟੀ, ਜਥੇਦਾਰ ਰਤਨ ਸਿੰਘ ਜਫਰਵਾਲ, ਭਾਈ ਜਸਵਿੰਦਰ ਸਿੰਘ ਕਲੇਰ, ਪ੍ਰਚਾਰਕ ਭਾਈ ਗੁਰਵਿੰਦਰ ਸਿੰਘ, ਬੀਬੀ ਰਾਜਬੀਰ ਕੌਰ ਤੇ ਭਾਈ ਅਵਤਾਰ ਸਿੰਘ।



ਸਿੱਖ ਮਿਸ਼ਨ ਹਰਿਆਣਾ ਵੱਲੋਂ ਗੁਰਦੁਆਰਾ ਸਾਹਿਬ ਪਿੰਡ ਕਲਸਾਣੀ ਤਹਿ: ਸ਼ਾਹਬਾਦ ਵਿਖੇ ਅੰਮ੍ਰਿਤ ਸੰਚਾਰ ਸਮੇਂ 38 ਪ੍ਰਾਣੀ ਖੰਡੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੇ।



ਸਿੱਖ ਮਿਸ਼ਨ ਹਰਿਆਣਾ (ਕੁਰੂਕਸ਼ੇਤਰ) ਵੱਲੋਂ ਗੁਰਦੁਆਰਾ ਪੰਜੋਖਰਾ ਸਾਹਿਬ ਅੰਬਾਲਾ ਵਿਖੇ ਅੰਮ੍ਰਿਤ ਸੰਚਾਰ ਦੌਰਾਨ ਸੰਗਤਾਂ ਨਾਲ ਪੰਜ ਪਿਆਰੇ ਸਾਹਿਬਾਨ।



ਸਿੱਖ ਮਿਸ਼ਨ ਕਾਸ਼ੀਪੁਰ (ਉਤਰਾਖੰਡ) ਵੱਲੋਂ ਗੁਰਦੁਆਰਾ ਦਰਿ ਨਾਨਕਮਤਾ ਸਾਹਿਬ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਦੌਰਾਨ 24 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ।



ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ ਪਹਿਲੀ, ਪਿੰਜੌਰ ਵਿਖੇ ਬੱਚਿਆਂ ਦੇ ਲਗਾਏ ਗਏ ਚਾਰ ਦਿਨਾਂ ਗੁਰਮਤਿ ਸਿਖਲਾਈ ਕੈਂਪ ਦੀ ਤਸਵੀਰ।



ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦਿੱਲੀ ਵਿਖੇ ਪੰਜਾਬੀ ਸਿਖਲਾਈ ਦੀਆਂ ਕਲਾਸਾਂ ਦੀ ਸਮਾਪਤੀ ਸਮੇਂ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਚਾਨਣ ਸਿੰਘ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ।



ਸ੍ਰੀ ਗੁਰੂ ਰਾਮਦਾਸ ਗੁਰਮਤਿ ਸੰਗੀਤ ਵਿਦਿਆਲਾ ਸ਼ਾਹਜਹਾਂਪੁਰ (ਯੂ.ਪੀ.) ਵੱਲੋਂ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਜੀ ਰਾਮਨਗਰ ਕਲੋਨੀ ਵਿਖੇ ਲਗਾਏ ਗੁਰਮਤਿ ਕੈਂਪ ਦੀ ਸਮਾਪਤੀ ਸਮੇਂ 55 ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ।



ਯੂ.ਪੀ. ਦੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਥਾਪਰਨਗਰ ਮੇਰਠ ਵਿਖੇ ਸਿੱਖ ਮਿਸ਼ਨ ਹਾਪੜ ਵੱਲੋਂ ਲਗਾਏ ਗਏ 3 ਰੋਜ਼ਾ ਗੁਰਮਤਿ ਸਿਖਲਾਈ ਕੈਂਪ ਦੌਰਾਨ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਪ੍ਰਚਾਰਕ ਸਾਹਿਬਾਨ।



ਸਿੱਖ ਮਿਸ਼ਨ ਹਰਿਆਣਾ ਵੱਲੋਂ ਗੁਰਦੁਆਰਾ ਰਾਮਨਗਰ ਸਾਹਿਬ ਅੰਬਾਲਾ ਵਿਖੇ ਬੱਚਿਆਂ ਨੂੰ ਸਿੱਖੀ ਸਿਧਾਂਤਾਂ ਦੀ ਜਾਣਕਾਰੀ ਦੇਣ ਲਈ ਕਲਾਸਾਂ ਲਗਾਈਆਂ ਗਈਆਂ।



ਹਾਂਸੀ ਸ਼ਹਿਰ ਦੇ ਗੁਰਦੁਆਰਾ ਬਾਬਾ ਬੰਦਾ ਸਿੰਘ ਜੀ ਬਹਾਦਰ ਵਿਖੇ ਬੱਚਿਆਂ ਦੇ ਗੁਰਮਤਿ ਮੁਕਾਬਲੇ ਦਾ ਆਯੋਜਨ ਕੀਤਾ ਗਿਆ।



ਗੁਰਦੁਆਰਾ ਸਾਹਿਬ ਪਿੰਡ ਕਲਸਾਨੀ (ਸ਼ਾਹਬਾਦ ਮਾਰਕੰਡਾ) ਵਿਖੇ 4 ਦਿਨਾਂ ਗੁਰਮਤਿ ਸਿਖਲਾਈ ਕੈਂਪ ਦੌਰਾਨ ਬੱਚਿਆਂ ਨੂੰ ਗੁਰਮਤਿ ਦੀ ਜਾਣਕਾਰੀ ਦਿੰਦੇ ਹੋਏ ਭਾਈ ਮਨਵੀਤ ਸਿੰਘ ਤੇ ਭਾਈ ਰਣਜੀਤ ਸਿੰਘ।



ਸਿੱਖ ਮਿਸ਼ਨ ਹਰਿਆਣਾ ਵੱਲੋਂ ਗੁਰਦੁਆਰਾ ਸਾਹਿਬ ਕਲਸਾਣੀ (ਹਰਿਆਣਾ) ਵਿਖੇ ਲਗਾਏ ਗਏ ਗੁਰਮਤਿ ਕੈਂਪ ਵਿਚ ਭਾਗ ਲੈਣ ਵਾਲੇ 68 ਬੱਚਿਆਂ ਵਿਚੋਂ 17 ਬੱਚਿਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਪਿੰਡ ਕਲਸਾਣੀ ਵਿਖੇ ਸਿੱਖ ਮਿਸ਼ਨ ਹਰਿਆਣਾ ਦੇ ਪ੍ਰਚਾਰਕ ਭਾਈ ਮਨਵੀਤ ਸਿੰਘ ਤੇ ਭਾਈ ਹਰਜੀਤ ਸਿੰਘ ਬੱਚਿਆਂ ਨੂੰ ਗੁਰਮਤਿ ਸਿਧਾਂਤਾਂ ਦੀ ਜਾਣਕਾਰੀ ਦਿੰਦੇ ਹੋਏ।

# ਭਾਈ ਲੌਂਗੋਵਾਲ ਨੇ ਗੁਰਦੁਆਰਾ ਆਲਮਗੀਰ ਸਾਹਿਬ ਤੋਂ ਨਸ਼ਿਆਂ ਖਿਲਾਫ਼ ਚੇਤਨਾ ਮਾਰਚ ਕੀਤਾ ਰਵਾਨਾ




ਆਲਮਗੀਰ- ਜਥੇਦਾਰ ਚਰਨ ਸਿੰਘ ਆਲਮਗੀਰ ਦੀ ਪਹਿਲਕਦਮੀ ਸਦਕਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਆਲਮਗੀਰ ਤੋਂ ਵੱਖ-ਵੱਖ 'ਚੋਂ ਗੁਜ਼ਰਦਾ ਨਸ਼ਿਆਂ ਖਿਲਾਫ ਜਾਗ੍ਰਿਤੀ ਅਤੇ ਸਮਾਜਕ ਬੁਰਾਈਆਂ ਵਿਰੁੱਧ ਨਾਅਰਿਆਂ ਦੀ ਗੂੰਜ 'ਚ ਚੇਤਨਾ ਮਾਰਚ ਆਰੰਭ ਹੋਇਆ ਅਤੇ ਗੁਰਦੁਆਰਾ ਰੇਰੂ ਸਾਹਿਬ ਸਾਹਨੇਵਾਲ ਵਿਖੇ ਸਮਾਪਤ ਹੋਇਆ। ਮਾਰਚ ਦਾ ਆਰੰਭ ਕਰਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਆਪਣੇ ਵਿਚਾਰਾਂ ਵਿਚ ਨਸ਼ਿਆਂ ਰੂਪੀ ਦੈਂਤ ਦੇ ਦਿਨੋ-ਦਿਨ ਖੁੱਲ੍ਹਦੇ ਮੂੰਹ ਅਤੇ ਪਿੰਡਾਂ, ਸ਼ਹਿਰਾਂ, ਕਸਬਿਆਂ 'ਚ ਇਸਦੇ ਬੋਲਬਾਲੇ 'ਤੇ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਨਸ਼ਿਆਂ ਤੋਂ ਦੂਰ ਰਹਿਣ ਲਈ ਆਪਣੇ ਮਨ ਨੂੰ ਜਿੱਤਿਆ ਜਾਵੇ। ਉਨ੍ਹਾਂ ਕਿਹਾ ਕਿ ਬੀਤਿਆ ਸਮਾਂ ਹੱਥ ਨਹੀਂ ਆਉਣਾ, ਨਸ਼ਿਆਂ ਤੋਂ ਬਚਾਅ ਲਈ ਗੁਰੂ ਵਾਲੇ ਬਣੀਏ ਅਤੇ ਨਸ਼ੇ ਦੀ ਅਲਾਮਤ ਨੂੰ ਖਤਮ ਕਰੀਏ। ਚੇਤਨਾ ਮਾਰਚ ਦੇ ਪ੍ਰਬੰਧਕ ਜਥੇਦਾਰ ਆਲਮਗੀਰ ਨੇ ਕਿਹਾ ਕਿ ਕਦੇ ਇਹ ਗੱਲ ਵੀ ਸੋਚੋ ਕਿ ਇਸ ਅਧੋਗਤੀ ਲਈ ਕਸੂਰਵਾਰ ਕੌਣ ਹੈ? ਕਿਉਂ ਸਾਡੀ ਪਰਿਵਾਰਕ ਫੁਲਝੜੀਆਂ ਦੇ ਫੁੱਲ ਦਿਨੋ-ਦਿਨ ਮੁਰਝਾ ਰਹੇ ਨੇ। ਉਨ੍ਹਾਂ ਕਿਹਾ ਕਿ ਅੱਜ ਸਾਨੂੰ ਸਾਰਿਆਂ ਨੂੰ ਆਪਣੇ ਆਲੇ-ਦੁਆਲੇ ਇਸ ਨਾਮੁਰਾਦ ਬਿਮਾਰੀ ਨੂੰ ਖਤਮ ਕਰਨ ਲਈ ਯਤਨ ਆਰੰਭਣੇ ਚਾਹੀਦੇ ਹਨ। ਇਸ ਮੌਕੇ ਜਥੇ. ਮੇਜਰ ਸਿੰਘ, ਜਥੇ. ਹਰਪਿੰਦਰ ਸਿੰਘ ਕਾਰ ਸੇਵਾ ਵਾਲੇ, ਜਥੇ. ਹਰਪਾਲ ਸਿੰਘ ਜੱਲ੍ਹਾ ਜੂਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਕਮੇਟੀ, ਜਥੇ. ਰਘਵੀਰ ਸਿੰਘ ਸਹਾਰਨਮਾਜਰਾ, ਭਾਈ ਅਮਰਜੀਤ ਸਿੰਘ ਚਾਵਲਾ ਤੇ ਭਾਈ ਗੁਰਚਰਨ ਸਿੰਘ ਗਰੇਵਾਲ ਮੈਂਬਰ ਸ਼੍ਰੋਮਣੀ ਕਮੇਟੀ, ਸ. ਪ੍ਰਿਤਪਾਲ ਸਿੰਘ ਮੈਂਬਰ ਧਰਮ ਪ੍ਰਚਾਰ, ਸਾਬਕਾ ਮੰਤਰੀ ਜਥੇ. ਹੀਰਾ ਸਿੰਘ ਗਾਬੜੀਆ ਤੇ ਸ. ਜਗਦੀਸ਼ ਸਿੰਘ ਗਰਚਾ, ਸਾਬਕਾ ਵਿਧਾਇਕ ਸ. ਦਰਸ਼ਨ ਸਿੰਘ ਸ਼ਿਵਾਲਿਕ ਤੇ ਸ. ਰਣਜੀਤ ਸਿੰਘ, ਸ. ਜਗਬੀਰ ਸਿੰਘ ਸੋਖੀ, ਸ. ਹਰਭਜਨ ਸਿੰਘ, ਸ. ਸੁਰਿੰਦਰ ਸਿੰਘ, ਸ. ਗੁਰਮੀਤ ਸਿੰਘ ਸਮੇਤ ਵੱਡੀ ਗਿਣਤੀ ਲੋਕ ਹਾਜ਼ਰ ਸਨ।



ਗੁਰਦੁਆਰਾ ਬਾਬਾ ਬੀਰ ਸਿੰਘ ਬਾਬਾ ਧੀਰ ਸਿੰਘ ਜੀ ਤਲਵੰਡੀ ਸਾਬੋ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 157 ਪ੍ਰਾਣੀਆਂ ਨੇ ਦਸਮ ਪਾਤਸ਼ਾਹ ਵੱਲੋਂ ਬਖ਼ਸ਼ੀ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



22 ਜੁਲਾਈ ਨੂੰ ਗੁਰਦੁਆਰਾ ਬਾਬਾ ਬੀਰ ਸਿੰਘ ਜੀ ਬਾਬਾ ਧੀਰ ਸਿੰਘ ਜੀ ਤਲਵੰਡੀ ਸਾਬੋ ਵਿਖੇ ਹੋਏ ਅੰਮ੍ਰਿਤ ਸੰਚਾਰ ਸਮਾਗਮ ਵਿਚ 246 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।

# ਸ਼੍ਰੋਮਣੀ ਕਮੇਟੀ ਹਲਕਾ ਜੋਗਾ ਦੇ ਵੱਖ ਵੱਖ ਪਿੰਡਾਂ 'ਚ ਲਗਾਏ ਗੁਰਮਤਿ ਕੈਂਪਾਂ ਦਾ ਸਨਮਾਨ ਸਮਾਗਮ ਹੋਇਆ

## ਨੌਜਵਾਨਾਂ ਤੇ ਬੱਚਿਆਂ ਨੂੰ ਗੁਰਮਤਿ ਨਾਲ ਜੋੜਨ ਲਈ ਗੁਰਮਤਿ ਕੈਂਪਾਂ ਦਾ ਵੱਡਾ ਮਹੱਤਵ -ਗਿਆਨੀ ਗੁਰਬਚਨ ਸਿੰਘ



ਮਾਨਸਾ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹਲਕਾ ਜੋਗਾ ਤੋਂ ਨੌਜਵਾਨ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ ਦੇ ਉਪਰਾਲੇ ਸਦਕਾ ਬੱਚਿਆਂ ਨੂੰ ਗੁਰਮਤਿ ਨਾਲ ਜੋੜਨ ਲਈ ਹਲਕੇ ਦੇ ਵੱਖ ਵੱਖ ਪਿੰਡਾਂ ਅੰਦਰ ਪਿਛਲੇ ਇਕ ਮਹੀਨੇ ਤੋਂ ਲਗਾਏ ਗੁਰਮਤਿ ਦੇ ਕੈਂਪਾਂ ਦੌਰਾਨ ਭਾਗ ਲੈਣ ਵਾਲੇ ਬੱਚਿਆਂ ਦਾ ਸਨਮਾਨ ਸਮਾਗਮ ਗੁਰਦੁਆਰਾ ਭਾਈ ਬਹਿਲੋ ਜੀ ਫਫੜੇ ਭਾਈਕੇ ਵਿਖੇ ਹੋਇਆ। ਇਸ ਮੌਕੇ ਜਿਥੇ ਗੁਰਮਤਿ ਸਬੰਧੀ ਲਿਖਤੀ ਪੇਪਰ ਵਿੱਚੋਂ ਅੱਵਲ ਆਏ 9 ਬੱਚਿਆਂ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ, ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਸ. ਗੁਰਪ੍ਰੀਤ ਸਿੰਘ ਝੱਬਰ ਨੇ ਸਨਮਾਨ ਚਿੰਨ੍ਹ ਤੇ ਸਨਮਾਨ ਪੱਤਰ ਨਾਲ ਸਨਮਾਨਿਤ ਕੀਤਾ, ਉਥੇ ਹੀ ਕੈਂਪਾਂ ਦੌਰਾਨ ਭਾਗ ਲੈਣ ਵਾਲੇ ਤਿੰਨ ਹਜਾਰ ਬੱਚਿਆਂ ਨੂੰ ਵੀ ਮੈਡਲ ਤੇ ਸਨਮਾਨ ਪੱਤਰ ਦਿੱਤੇ ਗਏ। ਇਸ ਤੋਂ ਪਹਿਲਾਂ ਹਲਕੇ ਦੇ ਪਿੰਡਾਂ 'ਚ ਕੈਂਪਾਂ ਦੌਰਾਨ ਚੁਣੇ ਗਏ 540 ਬੱਚਿਆਂ ਦਾ ਲਿਖਤੀ ਧਾਰਮਿਕ ਪੇਪਰ ਲਿਆ ਗਿਆ, ਜਿਸ ਵਿਚ ਗੁਰਬਾਣੀ, ਗੁਰ-ਇਤਿਹਾਸ ਤੇ ਰਹਿਤ ਮਰਯਾਦਾ ਸਬੰਧੀ ਪ੍ਰਸ਼ਨ ਸ਼ਾਮਲ ਸਨ।

ਇਸ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਸੰਬੋਧਨ ਕਰਦਿਆਂ ਸ. ਗੁਰਪ੍ਰੀਤ ਸਿੰਘ ਝੱਬਰ ਦੇ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਕੈਂਪ ਨੌਜੁਆਨਾਂ ਅਤੇ ਬੱਚਿਆਂ ਅੰਦਰ ਗੁਰਮਤਿ ਦਾ ਸੰਚਾਰ ਕਰਨ ਲਈ ਅਹਿਮ ਰੋਲ ਨਿਭਾਉਂਦੇ ਹਨ। ਇਸ ਮੌਕੇ ਸੰਬੋਧਨ ਕਰਦਿਆਂ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਨੇ ਕਿਹਾ ਕਿ ਬੱਚੇ ਕੌਮ ਦਾ ਭਵਿੱਖ ਹਨ ਅਤੇ ਇਨ੍ਹਾਂ ਨੇ ਹੀ ਅਗਲੇ ਸਮਿਆਂ ਵਿਚ ਕੌਮ ਦੀ ਅਗਵਾਈ ਕਰਨੀ ਹੈ। ਇਸ ਲਈ ਬੱਚਿਆਂ ਨੂੰ ਬਾਣੀ ਅਤੇ ਬਾਣੇ ਦੇ ਧਾਰਨੀ ਬਣਨ ਲਈ ਪ੍ਰੇਰਿਤ ਕਰਦੇ ਅਜਿਹੇ ਉਪਰਾਲੇ ਵੱਧ ਤੋਂ ਵੱਧ ਕੀਤੇ ਜਾਣੇ ਚਾਹੀਦੇ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਧਰਮ ਪ੍ਰਚਾਰ ਕਰਨਾ ਸ਼੍ਰੋਮਣੀ ਕਮੇਟੀ ਦੀ ਪਹਿਲ ਹੈ ਅਤੇ ਇਸ ਤਹਿਤ ਜਿਥੇ ਪਿੰਡ ਪੱਧਰ 'ਤੇ ਪ੍ਰਚਾਰ ਲਈ ਵੱਡੇ ਉਪਰਾਲੇ ਕੀਤੇ ਜਾ ਰਹੇ, ਉਥੇ ਹੀ ਬੱਚਿਆਂ ਨੂੰ ਗੁਰਮਤਿ ਸੱਭਿਆਚਾਰ ਨਾਲ ਜੋੜਨ ਲਈ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਗੁਰਮਤਿ ਕੈਂਪਾਂ ਦਾ ਵੀ ਆਯੋਜਨ ਕੀਤਾ ਜਾਂਦਾ ਹੈ। ਉਨ੍ਹਾਂ ਸ. ਗੁਰਪ੍ਰੀਤ ਸਿੰਘ ਝੱਬਰ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਨ੍ਹਾਂ ਵੱਲੋਂ ਪਿਛਲੇ ਤਿੰਨ ਸਾਲਾਂ ਤੋਂ ਬੱਚਿਆਂ ਦੇ ਗੁਰਮਤਿ ਕੈਂਪਾਂ ਦੀ ਚਲਾਈ ਗਈ ਲੜੀ ਲਗਾਤਾਰ ਜਾਰੀ ਹੈ ਅਤੇ ਸਮੁੱਚੇ ਮੈਂਬਰਾਂ ਨੂੰ ਅਜਿਹੇ ਉਪਰਾਲੇ ਕਰਨੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਇਸ ਕੈਂਪ ਦੌਰਾਨ ਬੇਹਤਰ ਕੁਰਗੁਜ਼ਾਰੀ ਦਿਖਾਉਣ ਵਾਲੇ 9 ਬੱਚਿਆਂ ਨੂੰ ਜਿਥੇ ਸਨਮਾਨਿਤ ਕੀਤਾ ਗਿਆ ਹੈ, ਉਥੇ ਹੀ ਇਨ੍ਹਾਂ ਨੂੰ 5100, 4100 ਅਤੇ 3100 ਰੁਪਏ ਦੀ ਇਨਾਮੀ ਰਾਸ਼ੀ ਵੀ ਦਿੱਤੀ ਜਾਵੇਗੀ। ਇਸ ਦੇ ਨਾਲ ਹੀ ਭਾਈ ਲੌਂਗੋਵਾਲ ਨੇ ਇਸ ਕੈਂਪ ਵਿਚ ਵਿਸ਼ੇਸ਼ ਭੂਮਿਕਾ ਨਿਭਾਉਣ ਵਾਲੇ ਪਿੰਡਾਂ ਦੇ ਗ੍ਰੰਥੀਆਂ ਅਤੇ ਪ੍ਰਚਾਰਕਾਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਅਤੇ ਦਸਤਾਰਾਂ ਦੇ ਕੇ ਸਨਮਾਨਿਤ ਵੀ ਕੀਤਾ। ਉਨ੍ਹਾਂ ਸਹਿਯੋਗੀ ਗਰੰਥੀਆਂ ਨੂੰ 1100-1100 ਰੁਪਏ ਦੇਣ ਦਾ ਐਲਾਨ ਵੀ ਕੀਤਾ।

ਇਸ ਤੋਂ ਪਹਿਲਾਂ ਕੈਂਪ ਦੇ ਪ੍ਰਬੰਧਕ ਅਤੇ ਹਲਕਾ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ ਨੇ ਆਈਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਜੀ-ਆਇਆਂ ਕਿਹਾ ਅਤੇ ਕੈਂਪ ਵਿਚ ਸਹਿਯੋਗ ਦੇਣ ਵਾਲੇ ਗ੍ਰੰਥੀਆਂ, ਹਲਕਾ ਨਿਵਾਸੀਆਂ ਅਤੇ ਕੈਂਪ 'ਚ ਸ਼ਾਮਲ ਰਹੇ ਬੱਚਿਆਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਉਨ੍ਹਾਂ ਇਹ ਕੈਂਪ ਹਰ ਸਾਲ ਲਗਾਉਣ ਦੀ ਵਚਨਬਧਤਾ ਵੀ ਦੁਹਰਾਈ। ਸਮਾਗਮ ਦੌਰਾਨ ਪਹੁੰਚੀਆਂ ਹੋਈਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਵੀ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਇੰਟਰਨੈਸ਼ਨਲ ਦਸਮੇਸ ਗੱਤਕਾ ਅਕੈਡਮੀ ਤਲਵੰਡੀ ਸਾਬੋ ਦੇ ਨੌਜੁਆਨਾਂ ਵੱਲੋਂ ਗੱਤਕਾ ਪ੍ਰਦਰਸ਼ਨ ਦੇ ਜ਼ੌਹਰ ਵਿਖਾਏ ਗਏ।

ਇਸ ਮੌਕੇ ਸ. ਹਰਦੇਵ ਸਿੰਘ ਪ੍ਰਧਾਨ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ, ਜਥੇਦਾਰ ਉਦੈ ਸਿੰਘ ਲੌਂਗੋਵਾਲ, ਬੀਬੀ ਸਿਮਰਨਜੀਤ ਕੌਰ ਜ਼ਿਲ੍ਹਾ ਪ੍ਰਧਾਨ ਇਸਤਰੀ ਅਕਾਲੀ ਦਲ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਕੇਵਲ ਸਿੰਘ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਸ. ਬੱਲਮ ਸਿੰਘ ਕਲੀਪੁਰ, ਸ. ਬਹਾਦਰ ਸਿੰਘ ਹੀਰੋਕਲਾਂ, ਸ. ਜਸਬੀਰ ਸਿੰਘ ਲੌਂਗੋਵਾਲ ਸਰਦਾਰੀਆਂ ਟਰੱਸਟ, ਸ. ਜਗਸੀਰ ਸਿੰਘ ਚੇਅਰਮੈਨ ਅਮਰੂ ਕੋਰੜਾ, ਸ. ਕਰਨ ਸਿੰਘ ਮੈਨੇਜਰ ਤਖ਼ਤ ਸ੍ਰੀ ਦਮਦਮਾ ਸਾਹਿਬ, ਭਾਈ ਸਰਬਜੀਤ ਸਿੰਘ ਢੋਟੀਆਂ ਪ੍ਰਚਾਰਕ, ਭਾਈ ਅਮਰੀਕ ਸਿੰਘ, ਸ. ਕੁਲਦੀਪ ਸਿੰਘ ਸੁਲਤਾਨਵਿੰਡ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।



# ਪਿੰਡ ਮਨਿਹਾਲਾ ਵਿਖੇ ਗੁਰਮਤਿ ਸਿਖਲਾਈ ਕੈਂਪ ਸਮਾਪਤ

ਪੱਟੀ, - ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾਂ ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ਾਂ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਸਰਪ੍ਰਸਤੀ ਹੇਠ ਗੁਰਦੁਆਰਾ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਪਿੰਡ ਮਨਿਹਾਲਾ ਵਿਖੇ 7 ਰੋਜ਼ਾ ਬੱਚਿਆਂ ਅਤੇ ਸੰਗਤਾਂ ਦਾ ਗੁਰਮਤਿ ਸਿਖਲਾਈ ਕੈਂਪ ਧਰਮ ਪ੍ਰਚਾਰ ਕਮੇਟੀ ਵਲੋਂ ਸੰਗਤਾਂ ਅਤੇ ਕਾਰ ਸੇਵਾ ਬਾਬਾ ਗਿਆਨ ਸਿੰਘ ਮਨਿਹਾਲਾ ਦੇ ਸਹਿਯੋਗ ਨਾਲ ਲਗਾਇਆ ਗਿਆ।

ਕੈਂਪ ਦੀ ਸਮਾਪਤੀ ਸਮੇਂ ਜਥੇਦਾਰ ਖੁਸ਼ਵਿੰਦਰ ਸਿੰਘ ਭਾਟੀਆ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਜਥੇਦਾਰ ਸੁਖਵਰਸ਼ ਸਿੰਘ ਮੈਂਬਰ ਧਰਮ ਪ੍ਰਚਾਰ ਕਮੇਟੀ, ਬੀਬੀ ਹਰਜਿੰਦਰ ਕੌਰ ਪੱਟੀ, ਪ੍ਰਿੰਸੀਪਲ ਸੁੱਖਾ ਸਿੰਘ, ਸ. ਸੁਖਚੈਨ ਸਿੰਘ ਪੱਟੀ ਨੇ ਬੱਚਿਆਂ ਅਤੇ ਸੰਗਤਾਂ ਨਾਲ ਗੁਰਮਤਿ ਦੀ ਸਾਂਝ ਪਾਈ।



ਇਸ ਮੌਕੇ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਪ੍ਰਚਾਰਕ ਭਾਈ ਹੀਰਾ ਸਿੰਘ ਮਨਿਹਾਲਾ ਭਾਈ ਗੁਰਬਚਨ ਸਿੰਘ ਕਲਸੀਆਂ ਤੇ ਦਿਲਬਾਗ ਸਿੰਘ ਸਭਰਾ, ਭਾਈ ਪਰਮਿੰਦਰ ਸਿੰਘ, ਭਾਈ ਗੁਰਲਾਲ ਸਿੰਘ ਉਦੋਕੇ, ਭਾਈ ਮੱਸਾ ਸਿੰਘ ਸਭਰਾ ਕਵੀਸ਼ਰ, ਭਾਈ ਹੀਰਾ ਸਿੰਘ ਮਨਿਹਾਲਾ ਕਵੀਸ਼ਰ ਨੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਸ. ਧਰਮਿੰਦਰ ਸਿੰਘ ਮਾਣੋਚਾਲ੍ਹ ਮੈਨੇਜਰ ਗੁਰਦੁਆਰਾ ਸਾਹਿਬ ਰੱਤੋਕੇ, ਸ. ਬਲਬੀਰ ਸਿੰਘ ਲੋਹਾਰੀਆ ਪ੍ਰਧਾਨ ਗੁਰਦੁਆਰਾ ਬੀਬੀ ਰਜਨੀ ਪੱਟੀ, ਸ. ਅਮਰੀਕ ਸਿੰਘ ਜੋਧਪੁਰੀ ਆਦਿ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਗਵਾਈ।

ਇਸ ਗੁਰਮਤਿ ਸਮਰ ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵਲੋਂ ਸ਼ੀਲਡਾਂ, ਮੈਡਲ, ਪ੍ਰਸੰਸਾ ਪੱਤਰ ਅਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ।

## ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਲਏ ਗਏ ਅਹਿਮ ਫੈਸਲੇ

## ਸਾਬਤ ਸੂਰਤ ਗੁਰਸਿੱਖ ਖਿਡਾਰੀਆਂ ਨੂੰ ਦਿੱਤੇ ਜਾਣਗੇ ਵੱਡੇ ਇਨਾਮ-ਭਾਈ ਲੌਂਗੋਵਾਲ



ਤਲਵੰਡੀ ਸਾਬੋ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਪ੍ਰਧਾਨਗੀ ਹੇਠ ਹੋਈ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿਚ ਸਾਬਤ ਸੂਰਤ ਗੁਰਸਿੱਖ ਖਿਡਾਰੀਆਂ ਨੂੰ ਵੱਡੇ ਇਨਾਮ ਦੇਣ ਦਾ ਫੈਸਲਾ ਕੀਤਾ ਗਿਆ। ਇਸ ਤੋਂ ਇਲਾਵਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਕੇਂਦਰੀ ਸਿੱਖ ਅਜਾਇਬ ਘਰ ਵਿਚ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਲੋਹ ਪੁਰਸ਼ ਜਥੇਦਾਰ ਜਗਦੇਵ ਸਿੰਘ ਤਲਵੰਡੀ ਦੀ ਤਸਵੀਰ ਲਗਾਉਣ ਨੂੰ ਵੀ ਪ੍ਰਵਾਨਗੀ ਦਿੱਤੀ ਗਈ। ਇਕੱਤਰਤਾ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਖੇਡਾਂ ਦੇ ਖੇਤਰ ਵਿਚ ਵਿਸ਼ੇਸ਼ ਨਾਮਣਾ ਖੱਟਣ ਵਾਲੇ ਸਾਬਤ ਸੂਰਤ ਗੁਰਸਿੱਖ ਖਿਡਾਰੀਆਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ੇਸ਼ ਇਨਾਮ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਉਲੰਪਿਕ ਖੇਡਾਂ ਦੌਰਾਨ ਸੋਨੇ ਦਾ ਮੈਡਲ ਪ੍ਰਾਪਤ ਕਰਨ 'ਤੇ 5 ਲੱਖੇ, ਚਾਂਦੀ ਦਾ ਮੈਡਲ ਪ੍ਰਾਪਤ ਨੂੰ 4 ਲੱਖ ਅਤੇ ਕਾਂਸੀ ਦਾ ਮੈਡਲ ਪ੍ਰਾਪਤ 3 ਲੱਖ ਦੀ ਇਨਾਮੀ ਰਾਸ਼ੀ ਦਿੱਤੀ ਜਾਵੇਗੀ। ਏਸ਼ੀਅਨ ਖੇਡਾਂ ਵਿਚ ਸੋਨੇ, ਚਾਂਦੀ ਤੇ ਕਾਂਸੀ ਦਾ ਮੈਡਲ ਜਿੱਤਣ ਵਾਲਿਆਂ ਨੂੰ ਵੀ 4 ਲੱਖ, 3 ਲੱਖ ਅਤੇ 2 ਲੱਖ ਰੁਪਏ ਦੀ ਰਾਸ਼ੀ ਦਿੱਤੀ ਜਾਵੇਗੀ। ਕਾਮਨ ਵੈਲਥ ਖੇਡਾਂ ਵਿਚ ਸੋਨੇ ਦਾ ਮੈਡਲ ਜੇਤੂ ਗੁਰਸਿੱਖ ਖਿਡਾਰੀਆਂ ਨੂੰ 3 ਲੱਖ ਰੁਪਏ, ਚਾਂਦੀ ਲਈ 2 ਲੱਖ ਅਤੇ ਕਾਂਸੀ ਦਾ ਮੈਡਲ ਜੈਤੂਆਂ ਨੂੰ 1 ਲੱਖ ਰੁਪਏ ਨਾਲ ਨਿਵਾਜਿਆ ਜਾਵੇਗਾ।

ਭਾਈ ਲੌਂਗੋਵਾਲ ਨੇ ਇਕੱਤਰਤਾ ਦੌਰਾਨ ਲਏ ਗਏ ਹੋਰ ਫੈਸਲਿਆਂ ਬਾਰੇ ਦੱਸਿਆ ਕਿ ਪਟਿਆਲਾ ਨਿਵਾਸੀ ਸਾਬਤ ਸੂਰਤ ਗੁਰਸਿੱਖ ਸ. ਅਮਨਦੀਪ ਸਿੰਘ ਜਿਸ ਨੇ ਆਈ.ਏ.ਐਸ. ਦੀ ਪ੍ਰੀਖਿਆ ਵਿੱਚੋਂ ਵਧੀਆ ਰੈਂਕ ਹਾਸਲ ਕੀਤਾ ਹੈ, ਨੂੰ ਸ਼੍ਰੋਮਣੀ ਕਮੇਟੀ 1 ਲੱਖ ਰੁਪਏ ਨਾਲ ਸਨਮਾਨਿਤ ਕਰੇਗੀ। ਉਨ੍ਹਾਂ ਕਿਹਾ ਕਿ ਬੀਤੇ ਸਮੇਂ ਸ. ਬਲਦੇਵ ਸਿੰਘ ਸੜਕਨਾਮਾ ਵੱਲੋਂ ਲਿਖੇ ਗਏ ਨਾਵਲ 'ਸੂਰਜ ਦੀ ਅੱਖ' ਵਿਚ ਸਿੱਖ ਇਤਿਹਾਸ ਨੂੰ ਵਿਗਾੜਨ 'ਤੇ ਸ਼੍ਰੋਮਣੀ ਕਮੇਟੀ ਵੱਲੋਂ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਸਬੰਧ ਵਿਚ ਸਿੱਖ ਵਿਦਵਾਨਾਂ ਪਾਸੋਂ ਜਾਂਚ ਕਰਵਾਈ ਗਈ ਹੈ ਅਤੇ ਉਨ੍ਹਾਂ ਵੱਲੋਂ ਦਿੱਤੀ ਰਿਪੋਰਟ ਵਿਚ ਸਿੱਖ ਇਤਿਹਾਸ ਵਿਗਾੜਨ ਦੀ ਪੁਸ਼ਟੀ ਹੋਈ ਹੈ। ਇਸ ਲਈ ਸ਼੍ਰੋਮਣੀ ਕਮੇਟੀ ਵੱਲੋਂ ਇਸ ਮਾਮਲੇ ਵਿਚ ਕਾਨੂੰਨੀ ਕਾਰਵਾਈ ਕਰਨ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਨੂੰ ਵਿਗਾੜਨ ਦੀ ਕਿਸੇ ਵੀ ਨੂੰ ਹਰਗਿਜ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਕਿਹਾ ਕਿ ਜੂਨ 1984 ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਜੋਧਪੁਰ ਜ਼ੇਲ੍ਹ ਵਿਚ ਬੰਦੀ ਰੱਖੇ ਗਏ ਸਾਰੇ ਸਿੱਖਾਂ ਨੂੰ ਮੁਆਵਜ਼ਾ ਦਿਵਾਉਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਕਾਨੂੰਨੀ ਕਾਰਵਾਈ ਕਰਨ ਦੀ ਰਿਪੋਰਟ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਬੀਤੇ ਸਮੇਂ 'ਚ ਅੰਮ੍ਰਿਤਸਰ ਦੀ ਅਦਾਲਤ ਵੱਲੋਂ 40 ਜੋਧਪੁਰ ਬੰਦੀਆਂ ਨੂੰ ਮੁਆਵਜ਼ਾ ਦੇਣ ਲਈ ਸਰਕਾਰ ਨੂੰ ਹਦਾਇਤ ਕੀਤੀ ਗਈ ਸੀ ਜਦਕਿ ਜ਼ੇਲ੍ਹ ਕੱਟਣ ਵਾਲੇ ਸਿੱਖ ਕੈਦੀਆਂ ਦੀ ਗਿਣਤੀ 365 ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿਚੋਂ ਬਾਕੀ ਰਹਿੰਦੇ 325 ਕੈਦੀਆਂ ਨੂੰ ਵੀ ਮੁਆਵਜ਼ਾ ਦਿਵਾਉਣ ਲਈ ਸ਼੍ਰੋਮਣੀ ਕਮੇਟੀ ਕਾਨੂੰਨੀ ਸਹਾਇਤਾ ਦੇਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਲੋਹ ਪੁਰਸ਼ ਵਜੋਂ ਜਾਣੇ ਜਾਂਦੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਜਥੇਦਾਰ ਜਗਦੇਵ ਸਿੰਘ ਤਲਵੰਡੀ ਅਤੇ 55 ਸਾਲ ਗੁਰਮਤਿ ਪ੍ਰਚਾਰ ਲਈ ਸੇਵਾ ਨਿਭਾਉਣ ਵਾਲੇ ਗੁਰਮਤਿ ਕੀਰਤਨ ਵਿਦਿਆਲਾ ਧੂਰਕੋਟ ਦੇ ਮੁਖੀ ਗਿਆਨੀ ਵਰਿਆਮ ਸਿੰਘ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ ਵਿਚ ਲਗਾਉਣ ਦਾ ਫੈਸਲਾ ਕੀਤਾ ਗਿਆ ਹੈ। ਭਾਈ ਲੌਂਗੋਵਾਲ ਅਨੁਸਾਰ ਸ਼੍ਰੋਮਣੀ ਕਮੇਟੀ ਨੇ ਫੈਸਲਾ ਕੀਤਾ ਹੈ ਕਿ ਨਸ਼ੇ ਛੱਡਣ ਦੇ ਚਾਹਵਾਨ ਵਿਅਕਤੀਆਂ ਦਾ ਇਲਾਜ ਸ਼੍ਰੋਮਣੀ ਕਮੇਟੀ ਵੱਲੋਂ ਬਿਲਕੁਲ ਮੁਫਤ ਕੀਤਾ ਜਾਵੇਗਾ ਅਤੇ ਇਸ ਕਾਰਜ ਲਈ ਖਰਚ ਧਰਮ ਪ੍ਰਚਾਰ ਕਮੇਟੀ ਕਰੇਗੀ। ਉਨ੍ਹਾਂ ਇਹ ਵੀ ਕਿਹਾ ਕਿ ਨਸ਼ਾ ਛੱਡਣ ਲਈ ਦਾਖਲ ਹੋਣ ਵਾਲਿਆਂ ਲਈ ਅੰਮ੍ਰਿਤਸਰ ਦੇ ਸਰਕਾਰੀ ਨਸ਼ਾ ਛੁਡਾਊ ਕੇਂਦਰ ਅਤੇ ਸ਼੍ਰੋਮਣੀ ਕਮੇਟੀ ਦੇ ਸ੍ਰੀ ਗੁਰੂ ਰਾਮਦਾਸ ਹਸਪਤਾਲ ਅੰਮ੍ਰਿਤਸਰ ਵਿਖੇ ਲੰਗਰ ਦਾ ਵੀ ਪ੍ਰਬੰਧ ਕੀਤਾ ਜਾਵੇਗਾ।

ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਹਰਪਾਲ ਸਿੰਘ ਜੱਲਾ, ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਮੈਂਬਰਾਨ ਸ. ਭਗਵੰਤ ਸਿੰਘ ਸਿਆਲਕਾ, ਸ. ਲਖਬੀਰ ਸਿੰਘ ਅਰਾਈਆਂਵਾਲਾ, ਸ. ਗੁਰਤੇਜ ਸਿੰਘ ਢੱਡੇ, ਸ. ਨਵਤੇਜ ਸਿੰਘ ਕਾਉਣੀ, ਸ. ਹਰਦੇਵ ਸਿੰਘ ਰੋਗਲਾ, ਸ. ਸੱਜਣ ਸਿੰਘ ਬੱਜੂਮਾਨ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਬੀਬੀ ਗੁਰਪ੍ਰੀਤ ਕੌਰ, ਸ. ਗੁਰਮੀਤ ਸਿੰਘ ਬੂਹ, ਸ. ਰਵਿੰਦਰ ਸਿੰਘ ਚੱਕ ਤੇ ਸ. ਅਮਰੀਕ ਸਿੰਘ ਸ਼ਾਹਪੁਰ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਨਿੱਜੀ ਸਕੱਤਰ ਸ. ਜਗਜੀਤ ਸਿੰਘ ਜੱਗੀ, ਵਧੀਕ ਸਕੱਤਰ ਸ. ਕੇਵਲ ਸਿੰਘ ਭੂਰਾਕੋਹਨਾ, ਸ. ਮਹਿੰਦਰ ਸਿੰਘ ਆਹਲੀ, ਸ. ਪ੍ਰਤਾਪ ਸਿੰਘ, ਸ. ਬਿਜੈ ਸਿੰਘ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ. ਸਮੇਤ ਹੋਰ ਹਾਜ਼ਰ ਸਨ।

## ਸੰਗਤਾਂ ਲਈ ਵਿਰਾਸਤੀ ਮਾਰਗ 'ਤੇ ਪਾਣੀ ਦੀ ਛਬੀਲ ਦਾ ਆਰੰਭ



ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜਦੀਆਂ ਸੰਗਤਾਂ ਦੀ ਸਹੂਲਤ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਰਾਸਤੀ ਮਾਰਗ 'ਤੇ ਭਾਈ ਗੁਰਦਾਸ ਹਾਲ ਵਿਖੇ ਤਿਆਰ ਕਰਵਾਈ ਪਾਣੀ ਦੀ ਛਬੀਲ ਦਾ ਸ਼ੁਭ ਆਰੰਭ ਕੀਤਾ ਗਿਆ। ਆਰੰਭਤਾ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਅਰਦਾਸੀਆ ਭਾਈ ਸੁਲਤਾਨ ਸਿੰਘ ਨੇ ਅਰਦਾਸ ਕੀਤੀ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਐਡੀਸ਼ਨਲ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਬਾਬਾ ਕਸ਼ਮੀਰ ਸਿੰਘ ਭੂਰੀਵਾਲਿਆਂ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੀ ਮੌਜੂਦ ਸਨ। ਦੱਸਣਯੋਗ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਛਬੀਲ ਦੀ ਕਾਰਸੇਵਾ ਦਾ ਕਾਰਜ ਬਾਬਾ ਕਸ਼ਮੀਰ ਸਿੰਘ ਭੂਰੀਵਾਲਿਆਂ ਪਾਸੋਂ ਕਰਵਾਇਆ ਗਿਆ ਹੈ।

ਇਸ ਮੌਕੇ ਗੱਲਬਾਤ ਕਰਦਿਆਂ ਗਿਆਨੀ ਗੁਰਬਚਨ ਸਿੰਘ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸਿੱਖ ਕੌਮ ਦੇ ਧਾਰਮਿਕ ਕੇਂਦਰੀ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦੇਸ਼-ਵਿਦੇਸ਼ ਤੋਂ ਸੰਗਤਾਂ ਸ਼ਰਧਾ ਸਤਿਕਾਰ ਨਾਲ ਪੁੱਜਦੀਆਂ ਹਨ ਅਤੇ ਉਨ੍ਹਾਂ ਦੀ ਸਹੂਲਤ ਲਈ ਭਾਈ ਗੁਰਦਾਸ ਹਾਲ ਵਿਖੇ ਇਸ ਛਬੀਲ ਦੀ ਸਥਾਪਨਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਗਰਮੀ ਦਾ ਮੌਸਮ ਹੋਣ ਕਾਰਨ ਵਿਰਾਸਤੀ ਮਾਰਗ 'ਤੇ ਪੈਦਲ ਚਲਦੀਆਂ ਸੰਗਤਾਂ ਨੂੰ ਇਸ ਛਬੀਲ ਦਾ ਫ਼ਾਇਦਾ ਹੋਵੇਗਾ। ਉਨ੍ਹਾਂ ਇਸ ਕਾਰਜ ਦੀ ਕਾਰਸੇਵਾ ਕਰਵਾਉਣ ਲਈ ਬਾਬਾ ਕਸ਼ਮੀਰ ਸਿੰਘ ਤੇ ਬਾਬਾ ਸੁਖਵਿੰਦਰ ਸਿੰਘ ਭੂਰੀਵਾਲਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਬਾਬਾ ਕਸ਼ਮੀਰ ਸਿੰਘ ਭੂਰੀਵਾਲਿਆਂ ਨੇ ਕਿਹਾ ਕਿ ਗੁਰੂ ਦੀਆਂ ਸੰਗਤ ਲਈ ਛਬੀਲ ਤਿਆਰ ਕਰਨ ਦੀ ਸੇਵਾ ਉਨ੍ਹਾਂ ਨੂੰ ਮਿਲਣੀ ਗੁਰੂ ਬਖ਼ਸ਼ਿਸ ਹੈ ਅਤੇ ਇਹ ਕਾਰਜ ਸੰਗਤਾਂ ਦੇ ਸਹਿਯੋਗ ਨਾਲ ਹੀ ਸੰਪੰਨ ਹੋ ਸਕਿਆ ਹੈ। ਇਸ ਦੌਰਾਨ ਗਿਆਨੀ ਗੁਰਬਚਨ ਸਿੰਘ ਅਤੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਬਾਬਾ ਕਸ਼ਮੀਰ ਸਿੰਘ ਤੇ ਬਾਬਾ ਸੁਖਵਿੰਦਰ ਸਿੰਘ ਸਮੇਤ ਹੋਰਨਾਂ ਸ਼ਖ਼ਸੀਅਤਾਂ ਨੂੰ ਸਿਰੋਪਾਓ ਦੇ ਕੇ ਨਿਵਾਜਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਸ. ਅਮਰਜੀਤ ਸਿੰਘ ਬੰਡਾਲਾ, ਭਾਈ ਅਜਾਇਬ ਸਿੰਘ ਅਭਿਆਸੀ, ਸ. ਹਰਜਾਪ ਸਿੰਘ ਸੁਲਤਾਨਵਿੰਡ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘ, ਸ. ਜਗਜੀਤ ਸਿੰਘ ਜੱਗੀ, ਸ. ਬਿਜੈ ਸਿੰਘ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ. ਦਰਸ਼ਨ ਸਿੰਘ ਪੀ.ਏ. ਸਮੇਤ ਹੋਰ ਮੌਜੂਦ ਸਨ।

## ਮੀਰੀ-ਪੀਰੀ ਦਿਵਸ ਮੌਕੇ ਗੁਰਦੁਆਰਾ ਸ੍ਰੀ ਛੇਹਰਟਾ ਸਾਹਿਬ ਵਿਖੇ ਕਰਵਾਏ ਗਤਕਾ ਮੁਕਾਬਲੇ




ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੀਰੀ ਪੀਰੀ ਦਿਵਸ ਮੌਕੇ ਛੇਵੇਂ ਪਾਤਸ਼ਾਹ ਜੀ ਨਾਲ ਸਬੰਧਤ ਇਤਿਹਾਸਿਕ ਗੁਰਦੁਆਰਾ ਸ੍ਰੀ ਛੇਹਰਟਾ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਗੱਤਕਾ ਮੁਕਾਬਲੇ ਕਰਵਾਏ ਗਏ। ਇਨ੍ਹਾਂ ਗਤਕਾ ਮੁਕਾਬਲਿਆਂ ਵਿਚ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਸ੍ਰੀ ਅੰਮ੍ਰਿਤਸਰ, ਬਾਬਾ ਫ਼ਤਹਿ ਸਿੰਘ ਗਤਕਾ ਅਖਾੜਾ ਬਟਾਲਾ, ਜੈ ਤੇਗੰ ਗਤਕਾ ਅਖਾੜਾ ਅੰਮ੍ਰਿਤਸਰ, ਬਾਬਾ ਬਘੇਲ ਸਿੰਘ ਗਤਕਾ ਅਖਾੜਾ ਅੰਮ੍ਰਿਤਸਰ, ਕਲਗੀਧਰ ਗਤਕਾ ਅਖਾੜਾ ਨਾਰੰਗਵਾਲ, ਸਿੱਖ ਮਾਰਸ਼ਲ ਆਰਟ ਗਤਕਾ ਅਖਾੜਾ ਵੱਲ੍ਹਾ ਅੰਮ੍ਰਿਤਸਰ, ਮੀਰੀ ਪੀਰੀ ਗਤਕਾ ਅਖਾੜਾ ਸੁਲਤਾਨਪੁਰ ਲੋਧੀ, ਪੰਥ ਖ਼ਾਲਸਾ ਸ਼ਸਤਰ ਵਿੱਦਿਆ ਗਤਕਾ ਅਖਾੜਾ ਛੇਹਰਟਾ, ਸ਼ਮਸ਼ੀਰ ਖ਼ਾਲਸਾ ਗਤਕਾ ਅਖਾੜਾ ਅੰਮ੍ਰਿਤਸਰ, ਦਲ ਬਾਬਾ ਬਿਧੀ ਚੰਦ ਅਜੀਤ ਗਤਕਾ ਅਖਾੜਾ ਅੰਮ੍ਰਿਤਸਰ, ਰਣਜੀਤ ਗਤਕਾ ਅਖਾੜਾ ਬੁੱਢਾ ਦਲ ਲੁਧਿਆਣਾ ਅਤੇ ਅਜੀਤ ਗਤਕਾ ਅਖਾੜਾ ਦਲ ਬਾਬਾ ਬਿਧੀ ਚੰਦ ਅੰਮ੍ਰਿਤਸਰ ਦੀਆਂ ਗਤਕਾ ਟੀਮਾਂ ਨੇ ਸਿੱਖ ਸ਼ਸਤਰ ਕਲਾ ਦੇ ਬਾਖ਼ੂਬੀ ਜੌਹਰ ਦਿਖਾਏ। ਇਸ ਮੌਕੇ ਗਤਕਾ ਪ੍ਰਦਰਸ਼ਨੀ ਦੇ ਨਾਲ-ਨਾਲ ਫਾਈਟ ਮੁਕਾਬਲੇ ਵਿਸ਼ੇਸ਼ ਖਿੱਚ ਦਾ ਕੇਂਦਰ ਬਣੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਦਿਲਜੀਤ ਸਿੰਘ ਬੇਦੀ ਅਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਕਿਹਾ ਕਿ ਸਿੱਖਾਂ ਦੀ ਰਵਾਇਤੀ ਸ਼ਸਤਰ ਕਲਾ ਨੂੰ ਪ੍ਰਫੁੱਲਤ ਕਰਨ ਲਈ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਨਿਰਦੇਸ਼ਾਂ ਤਹਿਤ ਵੱਖ-ਵੱਖ ਥਾਵਾਂ 'ਤੇ ਗਤਕੇ ਮੁਕਾਬਲੇ ਕਰਵਾਉਣ ਦੇ ਨਾਲ-ਨਾਲ ਸਕੂਲਾਂ ਅੰਦਰ ਵੀ ਸਿੱਖ ਬੱਚਿਆਂ ਗਤਕਾ ਸਿਖਲਾਈ ਨਾਲ ਜੋੜਿਆ ਜਾ ਰਿਹਾ ਹੈ।

ਇਨ੍ਹਾਂ ਮੁਕਾਬਲਿਆਂ ਵਿਚ ਬਾਬਾ ਬਿਧੀ ਚੰਦ ਗਤਕਾ ਅਖਾੜਾ ਅੰਮ੍ਰਿਤਸਰ ਨੇ ਪਹਿਲਾ, ਕਲਗੀਧਰ ਗਤਕਾ ਅਖਾੜਾ ਨਾਰੰਗਵਾਲ ਨੇ ਦੂਸਰਾ ਅਤੇ ਮੀਰੀ ਪੀਰੀ ਗਤਕਾ ਅਖਾੜਾ ਸੁਲਤਾਨਪੁਰ ਲੋਧੀ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਫਾਈਟ ਮੁਕਾਬਲਿਆਂ ਵਿਚ ਰਣਜੀਤ ਗਤਕਾ ਅਖਾੜਾ ਬੁੱਢਾ ਦਲ ਲੁਧਿਆਣਾ ਨੇ ਪਹਿਲਾ, ਬਾਬਾ ਫ਼ਤਹਿ ਸਿੰਘ ਗਤਕਾ ਅਖਾੜਾ ਬਟਾਲਾ ਨੇ ਦੂਸਰਾ ਅਤੇ ਬਾਬਾ ਬਿਧੀ ਚੰਦ ਅਜੀਤ ਗਤਕਾ ਅਖਾੜਾ ਅੰਮ੍ਰਿਤਸਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਅਵੱਲ ਆਈਆਂ ਟੀਮਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਸੁਰਜੀਤ ਸਿੰਘ ਭਿੱਟੇਵੱਡ, ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਅਤੇ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਦਿਲਜੀਤ ਸਿੰਘ ਬੇਦੀ ਨੇ ਸਾਂਝੇ ਤੌਰ 'ਤੇ ਸਨਮਾਨਿਤ ਕੀਤਾ।

ਇਸ ਮੌਕੇ ਮੀਤ ਸਕੱਤਰ ਸ. ਭੁਪਿੰਦਰ ਸਿੰਘ ਝਬਾਲ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ ਅਟਾਰੀ, ਮੈਨੇਜਰ ਸ. ਜਸਪਾਲ ਸਿੰਘ ਢੱਡੇ, ਮੈਨੇਜਰ ਸ. ਜਗੀਰ ਸਿੰਘ, ਸ. ਸੁਪ੍ਰੀਤ ਸਿੰਘ, ਭਾਈ ਸੁਖਜੀਤ ਸਿੰਘ, ਸ. ਹਰਦੀਪ ਸਿੰਘ ਹੈੱਡ ਗ੍ਰੰਥੀ, ਸ. ਮਲਿਕ ਸਿੰਘ, ਸ. ਹਰਜੀਤ ਸਿੰਘ, ਸ. ਬਲਦੇਵ ਸਿੰਘ ਆਦਿ ਹਾਜ਼ਰ ਸਨ।

## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪਾਰਕਾਂ ਨੂੰ ਨਵਿਆਉਣ ਦਾ ਕਾਰਜ ਆਰੰਭ

## ਵਾਤਾਵਰਣ ਦੀ ਸ਼ੁੱਧਤਾ ਵਾਲੇ ਪੌਦੇ ਬਣਨਗੇ ਪਾਰਕਾਂ ਦਾ ਸ਼ਿਗਾਰ -ਭਾਈ ਲੌਂਗੋਵਾਲ



ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਚੌਗਿਰਦਾ ਸੁੰਦਰ ਤੇ ਸੁਗੰਧਤ ਬਣਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਅਤੇ ਸ੍ਰੀ ਗੁਰੂ ਰਾਮਦਾਸ ਲੰਗਰ ਦੇ ਵਿਚਕਾਰ ਸਥਿਤ ਪਾਰਕਾਂ ਨੂੰ ਨਵਿਆਉਣ ਦੇ ਕਾਰਜ ਦੀ ਸ਼ੁਰੂਆਤ ਅਰਦਾਸ ਉਪਰੰਤ ਕੀਤੀ ਗਈ। ਇਸ ਕਾਰਜ ਦੀ ਆਰੰਭਤਾ ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ। ਸ਼੍ਰੋਮਣੀ ਕਮੇਟੀ ਵੱਲੋਂ ਇਹ ਕਾਰਜ ਕਰਵਾਉਣ ਦਾ ਫੈਸਲਾ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਕੀਤਾ ਗਿਆ ਸੀ ਅਤੇ ਇਸ ਦੀ ਕਾਰਸੇਵਾ ਬਾਬਾ ਕਸ਼ਮੀਰ ਸਿੰਘ ਭੂਰੀਵਾਲਿਆਂ ਨੂੰ ਸੌਂਪੀ ਗਈ ਹੈ।

ਪਾਰਕਾਂ ਨੂੰ ਨਵਿਆਉਣ ਦਾ ਕਾਰਜ ਸ਼ੁਰੂ ਕਰਨ ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਵਾਤਾਵਰਣ ਦੀ ਸ਼ੁੱਧਤਾ ਸਮੇਂ ਦੀ ਵੱਡੀ ਲੋੜ ਹੈ ਅਤੇ ਸ਼੍ਰੋਮਣੀ ਕਮੇਟੀ ਇਸ ਪ੍ਰਤੀ ਪੂਰੀ ਤਰ੍ਹਾਂ ਸੁਚੇਤ ਹੈ। ਉਨ੍ਹਾਂ ਦੱਸਿਆ ਕਿ ਇਤਿਹਾਸਕ ਅਸਥਾਨ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਅਤੇ ਸ੍ਰੀ ਗੁਰੂ ਰਾਮਦਾਸ ਲੰਗਰ ਦੇ ਵਿਚਕਾਰ ਇਨ੍ਹਾਂ ਪਾਰਕਾਂ ਨੂੰ ਸੰਗਤਾਂ ਲਈ ਪ੍ਰੇਰਣਾ ਦੇ ਰੂਪ ਵਿਚ ਪੇਸ਼ ਕੀਤਾ ਜਾਵੇਗਾ, ਤਾਂ ਜੋ ਸੰਗਤਾਂ ਵਾਤਾਵਰਣ ਦੀ ਸਾਂਭ-ਸੰਭਾਲ ਪ੍ਰਤੀ ਇਥੋਂ ਸੇਧ ਲੈ ਕੇ ਜਾਣ। ਉਨ੍ਹਾਂ ਕਿਹਾ ਕਿ ਇਨ੍ਹਾਂ ਪਾਰਕਾਂ ਵਿਚ ਵਿਸ਼ੇਸ਼ ਕਿਸਮ ਦੇ ਫੁੱਲਾਂ ਦੇ ਨਾਲ-ਨਾਲ ਵਾਤਾਵਰਣ ਦੀ ਸ਼ੁੱਧਤਾ ਵਾਲੇ ਪੌਦੇ ਵੀ ਲਗਾਏ ਜਾਣਗੇ। ਉਨ੍ਹਾਂ ਇਸ ਦੌਰਾਨ ਸਮੂਹ ਸੰਗਤਾਂ ਨੂੰ ਵੀ ਅਪੀਲ ਕੀਤੀ ਕਿ ਅੱਜ ਪ੍ਰਦੂਸ਼ਿਤ ਹੋ ਰਹੇ ਵਾਤਾਵਰਣ ਦੀ ਸੰਭਾਲ ਕਰਨ ਲਈ ਅੱਗੇ ਆਉਣ ਅਤੇ ਆਪਣੇ-ਆਲੇ ਦੁਆਲੇ ਬੂਟੇ ਲਗਾ ਕੇ ਬਣਦਾ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਇਸ ਵਾਤਾਵਰਣ ਦੀ ਸ਼ੁੱਧਤਾ ਲਈ ਹਰੇਕ ਇਨਸਾਨ ਨੂੰ ਆਪਣੀ ਜ਼ਿੰਮੇਵਾਰੀ ਸਮਝਣੀ ਚਾਹੀਦੀ ਹੈ।

ਭਾਈ ਲੌਂਗੋਵਾਲ ਨੇ ਆਸ ਪ੍ਰਗਟ ਕੀਤੀ ਕਿ ਇਨ੍ਹਾਂ ਪਾਰਕਾਂ ਨੂੰ ਨਵਿਆਉਣ ਦਾ ਕਾਰਜ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਤੱਕ ਮੁਕੰਮਲ ਹੋ ਜਾਵੇਗਾ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਦੱਸਿਆ ਕਿ ਪਾਰਕਾਂ ਨੂੰ ਖ਼ੂਬਸੂਰਤ ਬਣਾਉਣ ਲਈ ਪਿਛਲੇ ਕੁਝ ਮਹੀਨਿਆਂ ਤੋਂ ਕਾਰਸੇਵਾ ਭੂਰੀਵਾਲਿਆਂ ਰਾਹੀਂ ਬਾਗਬਾਨੀ ਦੇ ਮਾਹਿਰਾਂ ਅਤੇ ਪਾਰਕਾਂ ਦੇ ਡਿਜ਼ਾਈਨ ਤਿਆਰ ਕਰਨ ਵਾਲੀਆਂ ਕੰਪਨੀਆਂ ਨਾਲ ਗੱਲਬਾਤ ਚੱਲ ਰਹੀ ਸੀ। ਉਨ੍ਹਾਂ ਦੱਸਿਆ ਕਿ ਵਿਚਾਰ-ਵਟਾਂਦਰੇ ਤੋਂ ਬਾਅਦ ਅਹਿਮਦਾਬਾਦ ਦੀ ਇੱਕ ਕੰਪਨੀ ਵੱਲੋਂ ਤਿਆਰ ਕੀਤਾ ਗਿਆ ਡਿਜ਼ਾਈਨ ਲਾਗੂ ਕਰਨ ਨੂੰ ਪ੍ਰਵਾਨਗੀ ਦਿੱਤੀ ਗਈ ਹੈ, ਜਿਸ ਅਨੁਸਾਰ ਪਾਰਕਾਂ ਤਿਆਰ ਕੀਤੀਆਂ ਜਾਣਗੀਆਂ।

ਇਸ ਮੌਕੇ ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਬਾਬਾ ਸੁਖਦੇਵ ਸਿੰਘ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਜਗਜੀਤ ਸਿੰਘ ਜੱਗੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਪ੍ਰਤਾਪ ਸਿੰਘ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ ਤੇ ਸ. ਤੇਜਿੰਦਰ ਸਿੰਘ ਪੱਡਾ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਸ. ਸੁਖਰਾਜ ਸਿੰਘ, ਸ. ਇਕਬਾਲ ਸਿੰਘ ਮੁਖੀ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਸ. ਸੁਖਵਿੰਦਰ ਸਿੰਘ ਅਗਵਾਨ ਸਮੇਤ ਹੋਰ ਹਾਜ਼ਰ ਸਨ।

## ਅਫਗਾਨਿਸਤਾਨ 'ਚ ਮਾਰੇ ਗਏ ਤੇ ਜ਼ਖਮੀ ਹੋਏ ਸਿੱਖਾਂ ਦੀ ਆਰਥਿਕ ਮੱਦਦ ਕਰੇਗੀ ਸ਼੍ਰੋਮਣੀ ਕਮੇਟੀ -ਭਾਈ ਲੌਂਗੋਵਾਲ

## ਸ਼੍ਰੋਮਣੀ ਕਮੇਟੀ ਪ੍ਰਧਾਨ ਦੀ ਅਗਵਾਈ 'ਚ ਵਫਦ ਕੇਂਦਰੀ ਵਿਦੇਸ਼ ਮੰਤਰੀ ਨੂੰ ਮਿਲਿਆ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਅਫਗਾਨਿਸਤਾਨ ਵਿਖੇ ਅੱਤਵਾਦੀ ਹਮਲੇ ਦੌਰਾਨ ਮਾਰੇ ਗਏ ਸਿੱਖਾਂ ਦੇ ਪਰਵਾਰਾਂ ਨੂੰ ਇੱਕ-ਇੱਕ ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦੇਣ ਅਤੇ ਉਨ੍ਹਾਂ ਦੇ ਬੱਚਿਆਂ ਦੀ ਪੜ੍ਹਾਈ ਦਾ ਖਰਚ ਸ਼੍ਰੋਮਣੀ ਕਮੇਟੀ ਵੱਲੋਂ ਕਰਨ ਦਾ ਐਲਾਨ ਕੀਤਾ ਹੈ।

ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਦੁਖਦ ਸਮੇਂ ਭਾਈ ਗੋਬਿੰਦ ਸਿੰਘ ਲੋਂਗੋਵਾਲ ਨੇ ਸ਼੍ਰੋਮਣੀ ਕਮੇਟੀ ਵੱਲੋਂ ਪੀੜਤਾਂ ਨੂੰ ਸਹਾਇਤਾ ਦੇਣ ਦਾ ਫੈਸਲਾ ਕੀਤਾ ਹੈ। ਉਨ੍ਹਾਂ ਦੱਸਿਆ ਕਿ ਹਮਲੇ ਦੌਰਾਨ ਮਾਰੇ ਗਏ ਸਿੱਖਾਂ ਦੇ ਪਰਿਵਾਰਾਂ ਨੂੰ ਇੱਕ-ਇੱਕ ਲੱਖ ਰੁਪਏ ਅਤੇ ਉਨ੍ਹਾਂ ਦੇ ਬੱਚਿਆਂ ਦੀ ਪੜ੍ਹਾਈ ਦਾ ਖਰਚ ਸ਼੍ਰੋਮਣੀ ਕਮੇਟੀ ਵੱਲੋਂ ਚੁਕਿਆ ਜਾਵੇਗਾ। ਇਸ ਦੇ ਨਾਲ ਹੀ ਜਖਮੀਆਂ ਨੂੰ 50-50 ਹਜਾਰ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ ਜਾਵੇਗੀ ਤਾਂ ਜੋ ਉਨ੍ਹਾਂ ਦੇ ਇਲਾਜ ਵਿਚ ਮੱਦਦ ਹੋ ਸਕੇ। ਸ. ਬੇਦੀ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਮੈਂਬਰ ਪਾਰਲੀਮੈਂਟ ਸ. ਸੁਖਦੇਵ ਸਿੰਘ ਢੀਂਡਸਾ, ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਮਨਜੀਤ ਸਿੰਘ ਜੀ.ਕੇ., ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਸ. ਤਰਲੋਚਨ ਸਿੰਘ ਅਤੇ ਅਫਗਾਨਿਸਤਾਨ ਦੇ ਕੁਝ ਸਿੱਖਾਂ 'ਤੇ ਆਧਾਰਿਤ ਉੱਚ ਪੱਧਰੀ ਵਫਦ ਨੇ ਭਾਰਤ ਦੀ ਵਿਦੇਸ਼ ਮੰਤਰੀ ਸ੍ਰੀਮਤੀ ਸੁਸ਼ਮਾ ਸਵਰਾਜ ਨਾਲ ਮੁਲਾਕਾਤ ਕਰ ਕੇ ਅਫਗਾਨਿਸਤਾਨ ਅੰਦਰ ਸਿੱਖਾਂ 'ਤੇ ਹੋਏ ਹਮਲੇ ਸਬੰਧੀ ਵਿਸਥਾਰ ਵਿਚ ਗੱਲਬਾਤ ਕੀਤੀ ਅਤੇ ਉਥੇ ਦੇ ਸਿੱਖਾਂ ਦੀ ਜਾਨ ਮਾਲ ਦੀ ਰਖਵਾਲੀ ਲਈ ਤੁਰੰਤ ਢੁਕਵੇਂ ਕਦਮ ਚੁੱਕਣ ਲਈ ਕਿਹਾ ਹੈ। ਵਫਦ ਨੇ ਕੇਂਦਰੀ ਮੰਤਰੀ ਨੂੰ ਕਿਹਾ ਕਿ ਜਲਦੀ ਤੋਂ ਜਲਦੀ ਇੱਕ ਸਰਕਾਰੀ ਵਫਦ ਅਫਗਾਨਿਸਤਾਨ ਭੇਜਿਆ ਜਾਵੇ, ਜਿਸ ਵਿਚ ਸ਼੍ਰੋਮਣੀ ਕਮੇਟੀ ਤੇ ਦਿੱਲੀ ਕਮੇਟੀ ਦੇ ਨੁਮਾਇੰਦੇ ਵੀ ਸ਼ਾਮਲ ਹੋਣ।

ਇਸ ਦੌਰਾਨ ਸ੍ਰੀਮਤੀ ਸੁਸ਼ਮਾ ਸਵਰਾਜ ਨੂੰ ਹਮਲੇ ਦੌਰਾਨ ਮਾਰੇ ਗਏ ਅਤੇ ਜਖਮੀ ਹੋਏ ਵਿਅਕਤੀਆਂ ਲਈ ਸਰਕਾਰੀ ਤੌਰ 'ਤੇ ਵਿਸ਼ੇਸ਼ ਸਹਾਇਤਾ ਦੇਣ ਦੀ ਅਪੀਲ ਕੀਤੀ ਗਈ। ਬੁਲਾਰੇ ਨੇ ਦੱਸਿਆ ਕਿ ਕੇਂਦਰੀ ਵਿਦੇਸ਼ ਮੰਤਰੀ ਨੇ ਵਫਦ ਨੂੰ ਵਿਸ਼ਵਾਸ ਦਿਵਾਇਆ ਹੈ ਕਿ ਅਫਗਾਨਿਸਤਾਨ ਵਿਚ ਸਿੱਖਾਂ ਦੀ ਸੁਰੱਖਿਆ ਲਈ ਕਾਰਗਰ ਯਤਨ ਅਮਲ ਵਿਚ ਲਿਆਂਦੇ ਜਾਣਗੇ ਅਤੇ ਪੀੜਤਾਂ ਨੂੰ ਹਰ ਸੰਭਵ ਸਹਾਇਤਾ ਦੇਣ ਲਈ ਵਿਚਾਰ ਕੀਤਾ ਜਾਵੇਗਾ।

